ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa
8194 828282

ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ ਅਮਨਦੀਪ ਮਹਿਰਾ
ਮੰਗਲਵਾਰ 21 ਮਈ 2024

EDUCATING LITERATES
LALLY Infosys
Since 1997
Group of Institutions
ISO 9001-2015 Certified
Serving Society with Quality Education
STUDY ABROAD
LALLY BUILDING, BMC CHOWK
JALANDHAR 98889-00011

R.N.I.Punpun/29016/2008 * ਸਾਲ 15 * ਅੰਕ : 355 * ਮੁੱਲ ; 5.00 ਰੁਪਏ * ਕੁੱਲ ਪੇਜ 10 * ਦਫਤਰ : 0181-2211009 * : M 99155-94111

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa | 8194 828282

## ਛੱਤੀਸਗੜ੍ਹ ਵਿੱਚ ਸੜਕ ਹਾਦਸੇ ਦੌਰਾਨ 19 ਦੀ ਹੋਈ ਮੌਤ

ਛੱਤੀਸਗੜ੍ਹ, 20 ਮਈ- ਕਾਵਰਧਾ ਦੇ ਐਸ.ਪੀ. ਅਭਿਸ਼ੇਕ ਪੱਲਵ ਨੇ ਦੱਸਿਆ ਕਿ ਅੱਜ ਪਿਕਅੱਪ ਗੱਡੀ ਖੱਡ ਵਿਚ ਡਿੱਗਣ ਕਾਰਨ ਹੁਣ ਤੱਕ ਕੁੱਲ 19 ਲੋਕਾਂ ਦੀ ਮੌਤ ਹੋ ਗਈ ਹੈ ਅਤੇ ਤਿੰਨ ਲੋਕ ਜ਼ਖ਼ਮੀ ਹਨ। ਗੱਡੀ ਵਿਚ ਕੁੱਲ 36 ਲੋਕ ਸਫ਼ਰ ਕਰ ਰਹੇ ਸਨ। ਮਾਮਲਾ ਦਰਜ ਕਰ ਲਿਆ ਹੈ ਤੇ ਪੁਲਿਸ ਜਾਂਚ ਜਾਰੀ ਹੈ।

## ਅੱਜ ਭਾਰਤ ਵਿੱਚ ਈਰਾਨ ਦੇ ਰਾਸ਼ਟਰਪਤੀ ਦੇ ਦਿਹਾਂਤ ਦਾ ਇੱਕ ਦਿਨ ਦਾ ਸਰਕਾਰੀ ਸੋਗ ਹੋਵੇਗਾ -ਗ੍ਰਹਿ ਮੰਤਰਾਲਾ



ਦਿੱਲੀ, ਲੋਕ ਬਾਣੀ- ਨਵੀਂ ਦਿੱਲੀ, 20 ਮਈ- ਭਾਰਤੀ ਗ੍ਰਹਿ ਮੰਤਰਾਲੇ ਵਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਈਰਾਨ ਦੇ ਰਾਸ਼ਟਰਪਤੀ ਇਬਰਾਹਿਮ ਰਾਇਸੀ ਤੇ ਵਿਦੇਸ਼ ਮੰਤਰੀ ਦੀ ਇਕ ਹੈਲੀਕਾਪਟਰ ਹਾਦਸੇ ਵਿਚ ਦਿਹਾਂਤ ਹੋ ਗਿਆ। ਵਿਛੜੀਆਂ ਸ਼ਖ਼ਸੀਅਤਾਂ ਦੇ ਸਨਮਾਨ ਵਜੋਂ ਭਾਰਤ ਸਰਕਾਰ ਨੇ ਫ਼ੈਸਲਾ ਕੀਤਾ ਹੈ ਕਿ 21 ਮਈ ਨੂੰ ਪੂਰੇ ਭਾਰਤ ਵਿਚ ਇਕ ਦਿਨ ਦਾ ਸਰਕਾਰੀ ਸੋਗ ਹੋਵੇਗਾ। ਸੋਗ ਵਾਲੇ ਦਿਨ, ਭਾਰਤ ਭਰ ਵਿਚ ਉਨ੍ਹਾਂ ਸਾਰੀਆਂ ਇਮਾਰਤਾਂ 'ਤੇ ਰਾਸ਼ਟਰੀ ਝੰਡਾ ਅੱਧਾ ਝੁਕਾਇਆ ਜਾਵੇਗਾ, ਜਿੱਥੇ ਰਾਸ਼ਟਰੀ ਝੰਡਾ ਨਿਯਮਤ ਤੌਰ 'ਤੇ ਲਹਿਰਾਇਆ ਜਾਂਦਾ ਹੈ।

## ਚਾਰ ਅਤਿਵਾਦੀ ਗੁਜਰਾਤ ਤੋਂ ਵੋਟਾਂ ਦੇ ਦਿਨਾਂ 'ਚ ਕਾਬੂ ਕੀਤੇ ਗਏ



**ਅਹਿਮਦਾਬਾਦ,** -ਗੁਜਰਾਤ ਦੇ ਅਤਿਵਾਦ ਵਿਰੋਧੀ ਦਸਤੇ (ਏਟੀਐਸ) ਨੇ ਪਾਬੰਦੀਸ਼ੁਦਾ ਜਥੇਬੰਦੀ ਇਸਲਾਮਿਕ ਸਟੇਟ (ਆਈਐਸ) ਨਾਲ ਸਬੰਧ ਰੱਖਣ ਵਾਲੇ ਚਾਰ ਸ੍ਰੀਲੰਕਾਈ ਨਾਗਰਿਕਾਂ ਨੂੰ ਗ੍ਰਿਫਤਾਰ ਕੀਤਾ ਹੈ। ਇੱਕ ਅਧਿਕਾਰੀ ਨੇ ਦੱਸਿਆ ਕਿ ਇਹ ਕਾਰਵਾਈ ਇੱਕ ਸੂਚਨਾ ਦੇ ਆਧਾਰ 'ਤੇ ਕੀਤੀ ਗਈ ਹੈ। ਏਟੀਐਸ ਨੇ ਮੁਲਜ਼ਮਾਂ ਨੂੰ ਐਤਵਾਰ ਰਾਤ ਨੂੰ ਸ਼੍ਰੀਲੰਕਾ ਦੀ ਰਾਜਧਾਨੀ ਕੋਲੰਬੋ ਤੋਂ ਚੇਨਈ ਦੇ ਰਸਤੇ ਯਾਤਰਾ ਕਰਨ ਤੋਂ ਬਾਅਦ ਇੱਥੇ ਸਰਦਾਰ ਵੱਲਭਭਾਈ ਪਟੇਲ ਹਵਾਈ ਅੱਡੇ 'ਤੇ ਗ੍ਰਿਫਤਾਰ ਕੀਤਾ।

## ਕਿਸਾਨਾਂ ਚੁਕਿਆ ਸ਼ੰਭੂ ਸਟੇਸ਼ਨ ਤੋਂ ਧਰਨਾ ਰੇਲ ਕਰਮਚਾਰੀਆਂ ਨੇ ਲਿਆ ਸੁੱਖ ਦਾ ਸਾਹ



ਲੁਧਿਆਣਾ, ਸੁਖਚੈਨ ਮਹਿਰਾ- ਹਰਿਆਣਾ ਪੁਲੀਸ ਵੱਲੋਂ ਗ੍ਰਿਫਤਾਰ ਕੀਤੇ ਤਿੰਨ ਕਿਸਾਨ ਆਗੂਆਂ ਦੀ ਰਿਹਾਈ ਲਈ ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਅਤੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਸ਼ੰਭੂ ਰੇਲਵੇ ਸਟੇਸ਼ਨ 'ਤੇ ਟਰੈਕ 'ਤੇ ਲਾਇਆ ਪੱਕਾ ਧਰਨਾ ਅੱਜ ਸਵਾ ਮਹੀਨੇ ਬਾਅਦ ਸਮਾਪਤ ਕਰ ਦਿੱਤਾ ਗਿਆ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਇਹ ਪੰਜਾਬ ਦੇ ਹਰਿਆਣਾ ਦੇ ਵਪਾਰੀਆਂ ਅਤੇ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਦਿਆਂ ਚੁੱਕਿਆ ਗਿਆ ਹੈ। ਦੂਜੇ ਪਾਸੇ ਸ਼ੰਭੂ ਬਾਰਡਰ 'ਤੇ 98 ਦਿਨਾਂ ਤੋਂ ਜਾਰੀ ਧਰਨਾ ਮੰਗਾਂ ਦੀ ਪੂਰਤੀ ਤੱਕ ਜਾਰੀ ਰਹੇਗਾ।

## ਦੇਸ਼ ਦੀ ਰਾਜਧਾਨੀ ਸਮੇਤ ਕਈ ਜਗ੍ਹਾ ਤਾਪਮਾਨ 47 ਡਿਗਰੀ ਪਾਰ ਹੋਇਆ

**ਨਵੀਂ ਦਿੱਲੀ, ਲੋਕ ਬਾਣੀ**- ਦਿੱਲੀ ਦੇ ਕਈ ਹਿੱਸਿਆਂ ਵਿੱਚ ਸੋਮਵਾਰ ਨੂੰ ਵਧ ਤੋਂ ਵਧ ਤਾਪਮਾਨ 47 ਡਿਗਰੀ ਸੈਲਸੀਅਸ ਨੂੰ ਪਾਰ ਕਰ ਗਿਆ। ਮੌਸਮ ਵਿਭਾਗ ਨੇ ਅਗਲੇ ਪੰਜ ਦਿਨਾਂ ਲਈ ਗਰਮ ਹਵਾਵਾਂ ਚੱਲਣ ਸਬੰਧੀ 'ਰੈੱਡ ਅਲਰਟ' ਜਾਰੀ ਕੀਤਾ ਹੈ। ਭਿਆਨਕ ਗਰਮੀ ਨੇ ਸ਼ਹਿਰ ਦੀ ਬਿਜਲੀ ਦੀ ਮੰਗ ਨੂੰ ਮਈ 'ਚ ਸਭ ਤੋਂ ਉੱਚੇ ਪੱਧਰ 'ਤੇ ਪਹੁੰਚਾ ਦਿੱਤਾ ਹੈ ਜਦੋਂ ਕਿ ਦਿੱਲੀ ਸਰਕਾਰ ਨੇ ਗਰਮੀਆਂ ਦੀਆਂ ਛੁੱਟੀਆਂ ਲਈ ਬੰਦ ਨਾ ਹੋਣ ਵਾਲੇ ਸਕੂਲਾਂ ਨੂੰ ਤੁਰੰਤ ਪ੍ਰਭਾਵ ਤੋਂ ਬੰਦ ਕਰਨ ਦੇ ਨਿਰਦੇਸ਼ ਦਿੱਤੇ ਹਨ। ਸੋਮਵਾਰ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਦੂਜੇ ਸਭ ਤੋਂ ਵੱਧ ਤਾਪਮਾਨ ਰਿਕਾਰਡ ਕੀਤਾ ਗਿਆ, ਜੋ ਆਮ ਨਾਲੋਂ 3.7 ਡਿਗਰੀ ਵੱਧ ਹੈ ਤੇ ਲੋਕ ਹਾਏ ਤੋਅਬਾ ਕਰ ਰਹੇ ਹਨ

## ਮੋਦੀ ਦਾ ਜਾਣਾ ਤੈਅ

ਚੰਡੀਗੜ੍ਹ, ਵਿਨੋਦ ਸ਼ਰਮਾ- ਨਵੀਂ ਦਿੱਲੀ, 20 ਮਈ - ਲੋਕ ਸਭਾ ਚੋਣਾਂ ਦਾ ਪੰਜਵਾਂ ਪੜਾਅ ਸੋਮਵਾਰ (20 ਮਈ) ਨੂੰ ਸਮਾਪਤ ਹੋ ਗਿਆ। ਇਸ ਦੇ ਨਾਲ ਹੀ ਪਾਰਟੀਆਂ ਆਪੋ-ਆਪਣੇ ਦਾਅਵੇ ਕਰ ਰਹੀਆਂ ਹਨ। ਇਹ ਪੜਾਅ ਐਨ.ਡੀ.ਏ. ਲਈ ਬਹੁਤ ਮਹੱਤਵਪੂਰਨ ਹੈ। ਇਸ ਵਾਰ ਚੋਣਾਂ 'ਚ ਹਰ ਸੀਟ 'ਤੇ ਸਖ਼ਤ ਮੁਕਾਬਲਾ ਦੇਖਣ ਨੂੰ ਮਿਲ ਰਿਹਾ ਹੈ। ਇਸ ਦੌਰਾਨ ਕਾਂਗਰਸ ਨੇਤਾ ਜੈਰਾਮ ਰਮੇਸ਼ ਨੇ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਮੋਦੀ ਦੇ ਜਾਣ ਵਿਚ ਸਿਰਫ਼ 15 ਦਿਨ ਬਚੇ ਹਨ। ਉਨ੍ਹਾਂ ਕਿਹਾ ਕਿ 'ਇੰਡੀਆ' ਗੱਠਜੋੜ 350 ਤੋਂ ਵੱਧ ਸੀਟਾਂ ਜਿੱਤਣ ਵਿਚ ਸਫ਼ਲ ਰਹੇਗਾ।

DIPS INSTITUTIONS
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111



# ਪੰਜਾਬ ਸਰਕਾਰ ਨੂੰ ਆਇਆ ਤਰਸ ਸਕੂਲਾਂ 'ਚ ਬਚਿਆਂ ਨੂੰ ਕੀਤੀਆਂ ਛੁੱਟੀਆਂ

ਚੰਡੀਗੜ੍ਹ , ਲੋਕ ਬਾਣੀ ਨਿਊਜ਼: ਪੰਜਾਬ 'ਚ ਪੈ ਰਹੀ ਕਹਿਰ ਦੀ ਗਰਮੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਸੋਮਵਾਰ ਨੂੰ ਸੂਬੇ ਦੇ ਸਾਰੇ ਸਕੂਲਾਂ 'ਚ 21 ਮਈ ਭਾਵ ਭਲਕੇ ਤੋਂ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਕੀਤਾ ਹੈ।

ਇਸ ਤੋਂ ਪਹਿਲਾਂ, ਪੰਜਾਬ ਸਰਕਾਰ ਨੇ ਭਿਆਨਕ ਗਰਮੀ ਦੇ ਮੱਦੇਨਜ਼ਰ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਸਿਹਤ ਨੂੰ ਯਕੀਨੀ ਬਣਾਉਣ ਲਈ ਇੱਕ ਸਰਗਰਮ ਉਪਾਅ ਵਜੋਂ ਸਕੂਲਾਂ ਦੇ ਸਮੇਂ ਵਿੱਚ ਸੋਧ ਦਾ ਐਲਾਨ ਕੀਤਾ ਸੀ। ਹੁਕਮਾਂ ਅਨੁਸਾਰ ਪੰਜਾਬ ਵਿੱਚ ਵਿਦਿਆਰਥੀਆਂ ਲਈ ਸਕੂਲ 20 ਤੋਂ 31 ਮਈ ਤੱਕ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਖੁੱਲ੍ਹਣੇ ਸਨ।

ਹਾਲਾਂਕਿ ਗਰਮੀ ਇੰਨੀ ਵੱਧ ਗਈ ਹੈ ਕਿ ਪੰਜਾਬ ਸਰਕਾਰ ਨੇ 21 ਮਈ 2024 ਤੋਂ ਪੂਰੇ ਪੰਜਾਬ ਵਿੱਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਹੈ। ਇਹ ਫੈਸਲਾ ਖਿੱਤੇ ਵਿੱਚ ਚੱਲ ਰਹੀ ਭਿਆਨਕ ਗਰਮੀ ਦੇ ਮੱਦੇਨਜ਼ਰ ਲਿਆ ਗਿਆ ਹੈ, ਜਿਸ ਵਿੱਚ ਹਾਲ ਹੀ ਦੇ ਦਿਨਾਂ ਵਿੱਚ ਤਾਪਮਾਨ ਨਵੀਆਂ ਸਿਖਰਾਂ 'ਤੇ ਪਹੁੰਚ ਗਿਆ ਹੈ।

# ਕਵਾਰਧਾ 'ਚ ਭਿਆਨਕ ਸੜਕ ਹਾਦਸਾ, ਪਿਕਅੱਪ ਵੈਨ ਖਾਈ 'ਚ ਡਿੱਗਣ ਕਾਰਨ 15 ਦੀ ਮੌਤ

ਛੱਤੀਸਗੜ੍ਹ, ਲੋਕ ਬਾਣੀ ਨਿਊਜ਼: ਛੱਤੀਸਗੜ੍ਹ ਦੇ ਕਬੀਰਦਾਸ ਜ਼ਿਲ੍ਹੇ ਤੋਂ ਇੱਕ ਵੱਡਾ ਹਾਦਸਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਪਿਕਅੱਪ ਵੈਨ ਦੇ ਖਾਈ ਵਿੱਚ ਡਿੱਗਣ ਕਾਰਨ 15 ਵਿਅਕਤੀਆਂ ਦੀ ਮੌਤ ਹੋ ਗਈ, ਜਦੋਂ ਕਿ ਹੋਰ ਜ਼ਖ਼ਮੀ ਹੋ ਗਏ।



ਦੱਸਿਆ ਜਾ ਰਿਹਾ ਹੈ ਕਿ ਪਿਕਅੱਪ ਵੈਨ 'ਚ ਸਵਾਰ ਮਜ਼ਦੂਰ ਪਿੰਡ ਸੇਮਹਾਰਾ ਦੇ ਰਹਿਣ ਵਾਲੇ ਸਨ ਅਤੇ ਤੇਂਦੂਏ ਦੇ ਪੱਤੇ ਚੁਗਣ ਗਏ ਸਨ। ਵਾਪਸ ਪਰਤਦੇ ਸਮੇਂ ਵੈਨ ਆਪਣਾ ਸੰਤੁਲਨ ਗੁਆ ਬੈਠੀ ਅਤੇ ਅਚਾਨਕ ਖਾਈ ਵਿੱਚ ਜਾ ਡਿੱਗੀ। ਗੱਡੀ 'ਚ ਕਰੀਬ 30 ਮਜ਼ਦੂਰ ਸਵਾਰ ਸਨ, ਜਿਨ੍ਹਾਂ 'ਚੋਂ 15 ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਬਾਕੀ ਗੰਭੀਰ ਜ਼ਖਮੀ ਹੋ ਗਏ।

ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਮਾਮਲੇ ਦਾ ਜਾਇਜ਼ਾ ਲਿਆ। ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਜਦਕਿ ਜ਼ਖਮੀਆਂ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਜਿਸ ਸੜਕ 'ਤੇ ਇਹ ਹਾਦਸਾ ਹੋਇਆ, ਉਹ ਪ੍ਰਧਾਨ ਮੰਤਰੀ ਰੋਡ ਦੇ ਅਧੀਨ ਆਉਂਦੀ ਹੈ। ਇਹ ਹਾਦਸਾ ਪੰਡਾਰੀਆ ਵਿਕਾਸ ਬਲਾਕ ਦੇ ਕੁਕਦੂਰ 'ਚ ਵਾਪਰਿਆ।

ਉਪ ਮੁੱਖ ਮੰਤਰੀ ਵਿਜੇ ਨੇ ਵੀ ਇਸ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਨੇ ਟਵਿੱਟਰ 'ਤੇ ਲਿਖਿਆ, ਕਵਰਧਾ 'ਚ ਮਜ਼ਦੂਰਾਂ ਨਾਲ ਭਰੀ ਪਿਕਅੱਪ ਗੱਡੀ ਦੇ ਪਲਟਣ ਨਾਲ 18 ਲੋਕਾਂ ਦੀ ਮੌਤ ਦੀ ਖਬਰ ਬੇਹੱਦ ਦੁਖਦਾਈ ਹੈ। ਮੇਰੀ ਸੰਵੇਦਨਾ ਉਨ੍ਹਾਂ ਸਾਰੇ ਪਰਿਵਾਰਾਂ ਨਾਲ ਹੈ ਜਿਨ੍ਹਾਂ ਨੇ ਇਸ ਹਾਦਸੇ ਵਿੱਚ ਆਪਣੇ ਪਿਆਰਿਆਂ ਨੂੰ ਗੁਆ ਦਿੱਤਾ ਹੈ। ਇਸ ਦੇ ਨਾਲ ਹੀ, ਮੈਂ ਸਾਰੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦਾ ਹਾਂ ਅਤੇ ਸੂਬਾ ਸਰਕਾਰ ਦੀ ਨਿਗਰਾਨੀ ਹੇਠ ਸਥਾਨਕ ਪ੍ਰਸ਼ਾਸਨ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਹਰ ਸੰਭਵ ਸਹਾਇਤਾ ਕਰਨ ਵਿੱਚ ਲੱਗਾ ਹੋਇਆ ਹੈ।

# ਪੰਜਾਬ 'ਚ ਗਰਮੀ ਕਾਰਨ ਸਵੇਰ ਹੁੰਦਿਆਂ ਹੀ ਹੋ ਰਹੀ ਹੈ ਤੋਬਾ ਤੋਬਾ

ਲੁਧਿਆਣਾ, ਸੁਖਚੈਨ ਮਹਿਰਾ: ਪੰਜਾਬ ਵਿੱਚ ਗਰਮੀ ਦਾ ਕਹਿਰ ਵੱਧਦਾ ਹੀ ਜਾ ਰਿਹਾ ਹੈ, ਲਗਾਤਾਰ ਵੱਧ ਰਹੀ ਗਰਮੀ ਨੇ ਲੋਕਾਂ ਦੀ ਹਾਲਤ ਬਦ ਤੋਂ ਬਦਤਰ ਕਰ ਦਿੱਤੀ ਹੈ। ਦਿੱਲੀ, ਉੱਤਰ ਪ੍ਰਦੇਸ਼, ਪੰਜਾਬ, ਚੰਡੀਗੜ੍ਹ ਅਤੇ ਹਰਿਆਣਾ ਵਿੱਚ ਅਲਰਟ ਜਾਰੀ ਕੀਤਾ ਗਿਆ ਹੈ। ਪੰਜਾਬ ਦੇ ਅੰਮ੍ਰਿਤਸਰ ਵਿੱਚ 1978 ਵਿੱਚ 47 ਡਿਗਰੀ ਤਾਪਮਾਨ ਦਰਜ ਕੀਤਾ ਗਿਆ ਸੀ, ਜੋ ਇਸ ਵਾਰ ਟੁੱਟ ਸਕਦਾ ਹੈ।



ਭਾਰਤੀ ਮੌਸਮ ਵਿਭਾਗ ਨੇ ਅਗਲੇ ਪੰਜ ਦਿਨਾਂ ਲਈ ਦਿੱਲੀ, ਪੰਜਾਬ, ਹਰਿਆਣਾ ਅਤੇ ਪੱਛਮੀ ਰਾਜਸਥਾਨ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਹੀਟਵੇਵ ਲਈ ਰੈੱਡ ਅਲਰਟ ਜਾਰੀ ਕੀਤਾ ਹੈ। ਦਿੱਲੀ, ਚੰਡੀਗੜ੍ਹ ਅਤੇ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਤਾਪਮਾਨ 45 ਡਿਗਰੀ ਸੈਲਸੀਅਸ ਦੇ ਆਸਪਾਸ ਦਰਜ ਕੀਤਾ ਗਿਆ।

ਇਸ ਦੇ ਨਾਲ ਹੀ ਪੰਜਾਬ ਦੇ ਅੰਮ੍ਰਿਤਸਰ ਵਿੱਚ ਵੱਧ ਤੋਂ ਵੱਧ ਤਾਪਮਾਨ 43.9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਫਰੀਦਕੋਟ ਵਿੱਚ ਵੱਧ ਤੋਂ ਵੱਧ ਤਾਪਮਾਨ 44 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਪਟਿਆਲਾ ਵਿੱਚ ਪਾਰਾ 45 ਡਿਗਰੀ ਅਤੇ ਲੁਧਿਆਣਾ ਵਿੱਚ 44.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਵਿਭਾਗ ਨੇ ਆਉਣ ਵਾਲੇ ਦਿਨਾਂ ਲਈ ਅੰਮ੍ਰਿਤਸਰ, ਤਰਨਤਾਰਨ, ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ ਅਤੇ ਮਾਨਸਾ ਵਿੱਚ ਅਤਿ ਦੀ ਗਰਮੀ ਦਾ ਔਰੇਂਜ ਅਲਰਟ ਜਾਰੀ ਕੀਤਾ ਹੈ।

# ਚੋਣਾਂ ਦੇ ਦਿਨਾਂ ਵਿੱਚ ਵੀ ਰਾਜ ਵਿਚ ਚੱਲ ਰਹੀਆਂ ਹਨ ਗੋਲੀਆਂ

ਫਿਰੋਜ਼ਪੁਰ, ਲੋਕ ਬਾਣੀ: ਪੰਜਾਬ ਵਿੱਚ 1 ਜੂਨ ਨੂੰ ਲੋਕ ਸਭਾ ਚੋਣਾਂ ਹੋਣੀਆਂ ਹਨ ਪਰ ਇਸ ਦੌਰਾਨ ਸੂਬੇ ਵਿੱਚ ਅਪਰਾਧ ਦੀਆਂ ਘਟਨਾਵਾਂ ਵਿੱਚ ਵਾਧਾ ਹੋਇਆ ਹੈ। ਚੋਣਾਂ ਤੋਂ ਪਹਿਲਾਂ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਚੋਰੀਆਂ, ਲੁੱਟਾਂ-ਖੋਹਾਂ ਅਤੇ ਗੋਲੀਆਂ ਚਲਾਉਣ ਦੀਆਂ ਖ਼ਬਰਾਂ ਆਮ ਹੋ ਰਹੀਆਂ ਹਨ।



ਹਾਲ ਹੀ ਵਿੱਚ ਪੰਜਾਬ ਦੇ ਫ਼ਿਰੋਜ਼ਪੁਰ ਤੋਂ ਵੀ ਗੋਲੀਬਾਰੀ ਦੀ ਖ਼ਬਰ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬੰਸੀ ਗੇਟ ਨੇੜੇ ਦੁਸ਼ਮਣੀ ਦੇ ਚੱਲਦਿਆਂ ਦੋ ਗੈਂਗਸਟਰ ਗਰੁੱਪਾਂ ਵਿਚਾਲੇ ਗੋਲੀ ਚੱਲ ਗਈ। ਇਸ ਦੌਰਾਨ ਇਕ ਵਿਅਕਤੀ ਜ਼ਖਮੀ ਹੋ ਗਿਆ, ਜਿਸ ਨੂੰ ਪੁਲਸ ਨੇ ਸਥਾਨਕ ਹਸਪਤਾਲ 'ਚ ਦਾਖਲ ਕਰਵਾਇਆ ਹੈ।

ਫਿਲਹਾਲ ਪੁਲਸ ਨੇ ਜ਼ਖਮੀ ਵਿਅਕਤੀ ਦੇ ਬਿਆਨਾਂ 'ਤੇ ਮਾਮਲਾ ਦਰਜ ਕਰ ਲਿਆ ਹੈ। ਅਗਲੇਰੀ ਕਾਰਵਾਈ ਜਾਰੀ ਹੈ। ਪੁਲਸ ਦਾ ਕਹਿਣਾ ਹੈ ਕਿ ਇਸ ਮਾਮਲੇ 'ਚ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।

# ਗਰੀਨ ਚੋਣਾਂ ਦੇ ਚਲਦਿਆਂ ਆਸਰਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਲਗਾਏ ਗਏ ਫ਼ਲਦਾਰ ਤੇ ਛਾਂਦਾਰ ਬੂਟੇ

## ਵੋਟਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਲਈ ਕੀਤਾ ਗਿਆ ਪ੍ਰੇਰਿਤ



ਸ੍ਰੀ ਅਨੰਦਪੁਰ ਸਾਹਿਬ 20 ਮਈ (ਦਵਿੰਦਰਪਾਲ ਸਿੰਘ):ਨ ਡਾ.ਪ੍ਰੀਤੀ ਯਾਦਵ ਜਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਰੂਪਨਗਰ ਦੇ ਦਿਸ਼ਾ ਨਿਰਦੇਸ਼ ਤਹਿਤ ਗਰੀਨ ਚੋਣਾਂ ਦੇ ਸਬੰਧ ਵਿੱਚ ਰਾਜਪਾਲ ਸਿੰਘ ਸੇਖੋਂ ਸਹਾਇਕ ਰਿਟਰਨਿੰਗ ਅਫਸਰ ਵੱਲੋਂ ਗਰੀਨ ਚੋਣਾਂ ਲਈ ਵੱਖ ਵੱਖ ਸੰਗਠਨਾਂ ਨੂੰ ਵੱਧ ਤੋ ਵੱਧ ਬੂਟੇ ਲਗਾਉਣ ਲਈ ਸਹਿਯੋਗ ਦਾ ਸੱਦਾ ਦਿੱਤਾ ਗਿਆ ਹੈ। ਅੱਜ ਸਵੀਪ ਨੋਡਲ ਅਫਸਰ ਦੀ ਅਗਵਾਈ ਵਿਚ ਆਸਰਾ ਫਾਊਂਡੇਸ਼ਨ (ਰਜਿ:) ਸ਼੍ਰੀ ਅਨੰਦਪੁਰ ਸਾਹਿਬ ਦੇ ਸਹਿਯੋਗ ਨਾਲ ਪਿੰਡ ਸਹੋਤਾ ਨੇੜੇ ਜਲ ਸ਼ੁੱਧੀਕਰਨ ਕੇਂਦਰ ਵਿਖੇ ਵੱਖ-ਵੱਖ ਤਰਾਂ ਦੇ ਫਲਦਾਰ ਤੇ ਛਾਂਦਾਰ ਬੂਟੇ ਲਗਾਏ ਗਏ।

ਇਸ ਮੌਕੇ ਸਵੀਪ ਨੋਡਲ ਅਫਸਰ ਰਣਜੀਤ ਸਿੰਘ ਸੈਣੀ ਵੱਲੋਂ ਜਿਥੇ ਪਿੰਡ ਵਾਸੀਆਂ ਨੂੰ ਵੋਟ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ, ਉਥੇ ਹੀ ਭਾਰਤੀ ਚੋਣ ਕਮਿਸ਼ਨ ਦੁਆਰਾ ਲਾਂਚ ਕੀਤੀਆਂ ਗਈਆਂ ਵੋਟਿੰਗ, ਸਕਸ਼ਮ ਐਪ, ਵੋਟਰ ਹੈਲਪ ਲਾਈਨ, ਸੀ-ਵੀਜ਼ਲ, ਈਡੀਐਸ ਅਤੇ ਕੇ.ਵਾਈ.ਸੀ ਐਪਸ ਸਬੰਧੀ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਵੋਟਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਲਈ ਪ੍ਰੇਰਿਤ ਵੀ ਕੀਤਾ ਗਿਆ।

ਬੂਟੇ ਲਗਾਉਣ ਮੌਕੇ ਪ੍ਰਿੰ:ਨਿਰੰਜਨ ਸਿੰਘ ਰਾਣਾ ਅਤੇ ਆਸਰਾ ਫਾਊਂਡੇਸ਼ਨ ਸ਼੍ਰੀ ਅਨੰਦਪੁਰ ਸਾਹਿਬ ਪ੍ਰਧਾਨ ਮਾਸਟਰ ਸੰਜੀਵ ਧਰਮਾਣੀ ਨੇ ਦੱਸਿਆ ਕਿ ਸਾਨੂੰ ਅੱਜ ਸਭ ਤੋ ਵੱਧ ਜਰੂਰਤ ਆਪਣੀਆਂ ਨਸਲਾਂ ਲਈ ਸਾਫ ਸੁਥਰੇ ਵਾਤਾਵਰਣ, ਪੌਣ ਪਾਣੀ ਅਤੇ ਧਰਤੀ ਦੀ ਸੰਭਾਲ ਕਰਨ ਦੀ ਹੈ ਜਿਸ ਲਈ ਸਾਨੂੰ ਸਭ ਨੂੰ ਵੱਧ ਤੋਂ ਵੱਧ ਬੂਟੇ ਲਗਾਉਂਦੇ ਚਾਹੀਦੇ ਹਨ। ਇਸ ਮੌਕੇ ਆਸਰਾ ਫਾਊਂਡੇਸ਼ਨ ਦੇ ਸਕੱਤਰ ਅੰਕੁਸ਼ ਕੁਮਾਰ, ਅਜੇ ਕੁਮਾਰ, ਦਵਿੰਦਰਪਾਲ ਸਿੰਘ, ਸਤਿੰਦਰਪਾਲ ਸਿੰਘ, ਅਨੁਰਾਧਾ ਅਤੇ ਵੱਡੀ ਗਿਣਤੀ ਵਿੱਚ ਮਗਨਰੇਗਾ ਕਾਮੇ ਮੌਜੂਦ ਸਨ ।

# ਜਤਿੰਦਰ ਸੂਦ ਵੱਲੋ ਆਏ ਹੋਏ ਬੱਚਿਆਂ ਅਤੇ ਮਾਪਿਆਂ ਨੂੰ ਹੈਲਥ ਪ੍ਰਤੀ ਜਾਗਰੂਕ ਕੀਤਾ

## ਸੀਐਚ ਸੀ ਕੋਟ ਈਸੇ ਖਾਂ ਵਿਖੇ ਆਰ.ਬੀ.ਐਸ.ਕੇ ਟੀਮ ਦੇ ਸਹਿਯੋਗ ਨਾਲ ਅਡੋਲਸੈਂਟ ਹੈਲਥ ਐਂਡ ਵੈਲਨੈਸ ਡੇ ਮਨਾਇਆ


ਕੋਟ ਇਸੇ ਖਾਂ,20 ਮਈ (ਅਰੋੜਾ) ਮੋਗਾ ਸਿਵਲ ਸਰਜਨ ਡਾਕਟਰ ਰਜੇਸ਼ ਅਤਰੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਡਾਕਟਰ ਸੰਦੀਪ ਸਿੰਘ ਐਸਐਮਓ ਸੀਐਚਸੀ ਕੋਟ ਈਸੇ ਖਾ ਦੀ ਯੋਗ ਅਗਵਾਈ ਹੇਠ ਆਰ ਬੀ ਐਸ ਕੇ ਦੀ ਟੀਮ ਦੇ ਸਹਿਯੋਗ ਨਾਲ ਬਲਾਕ ਕੋਟ ਈਸੇ ਖਾਂ ਵਿੱਚ ਅਡੋਲਸੈਂਟ ਹੈਲਥ ਐਂਡ ਵੈਲਨੈਸ ਡੇ ਮਨਾਏ ਗਏ। ਹੈਲਥ ਵੈਲਨਸ ਸੈਂਟਰ ਕੋਟ ਸਦਰ ਖਾਂ ਵਿਖੇ ਤੈਨਾਤ ਸੀਐਚਓ ਰਾਜਵਿੰਦਰ ਕੌਰ.ਏ ਐਨ ਐਮ ,ਗੁਰਮੀਤ ਕੌਰ ਅਤੇ ਹੈਲਥ ਵੈਲਨਸ ਸੈਂਟਰ ਰੰਡਿਆਲਾ ਵਿਖੇ ਤੈਨਾਤ ਸੀ ਐਚ ਓ ਅਮਨਦੀਪ ਕੌਰ, ਐਮਪੀਐਚ ਡਬਲਿਊ ਰਜੇਸ਼ ਗਾਬਾ ,ਏਐਨਐਮ ਗੁਰਵਿੰਦਰ ਕੌਰ ਵੱਲੋਂ ਹਾਜ਼ਰ ਕਿਸ਼ੋਰ ਕਿਸ਼ੋਰੀਆਂ ਨੂੰ ਅਨੀਮੀਆ ਡਰੱਗ ਅਬਯੂਸ ਪੋਸਟਿਕ ਆਹਾਰ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਬਲਾਕ ਐਜੂਕੇਟਰ ਜਤਿੰਦਰ ਸੂਦ ਨੇ ਆਏ ਹੋਏ ਬੱਚਿਆਂ ਅਤੇ ਮਾਪਿਆਂ ਨੂੰ ਹੈਲਥ ਪ੍ਰਤੀ ਜਾਣਕਾਰੀ ਦੇ ਕੇ ਜਾਗਰੂਕ ਕੀਤਾ ਗਿਆ ਅਤੇ ਰਿਫਰੈਸ਼ਮੈਂਟ ਦਿੱਤੀ ਗਈ। ਇਸ ਸਮੇਂ ਆਰ ਬੀ ਐਸਕੇ ਟੀਮ ਵੱਲੋਂ ਡਾਕਟਰ ਮਨਿੰਦਰ ਕੌਰ, ਡਾਕਟਰ ਜਸਕਰਨ ਸਿੰਘ ,ਡਾਕਟਰ ਲਖਵੀਰ ਸਿੰਘ ਬਾਵਾ, ਸਟਾਫ ਨਰਸ ਅਮਨਦੀਪ ਕੌਰ ਅਤੇ ਫਰਮਾਸਿਸਟ ਰੁਪਿੰਦਰ ਸਿੰਘ ਅਤੇ ਉਨਾਂ ਦੇ ਮਾਪਿਆ ਨੂੰ ਅਡੋਲਸੈਂਸ ਹੈਲਥ ਈਸੂਜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਸਮੇਂ ਬੱਚਿਆਂ ਦੁਬਾਰਾ ਚਾਰਟ ਮੇਕਿੰਗ ਕੰਪਟੀਸ਼ਨ ਅਤੇ ਕੁਵੀਜ ਮੁਕਾਬਲਾ ਕਰਵਾਇਆ ਗਿਆ । ਮੁਕਾਬਲੇ ਦੌਰਾਨ ਬੱਚਿਆਂ ਨੂੰ ਇਨਾਮ ਵੀ ਵੰਡੇ ਗਏ। ਅਖੀਰ ਮਾਪਿਆਂ ਵੱਲੋਂ ਆਈ ਹੋਈ ਸਮੂਹ ਮੈਡੀਕਲ ਟੀਮ ਦਾ ਧੰਨਵਾਦ ਕੀਤਾ।

# ਅੱਤ ਦੀ ਪੈ ਰਹੀ ਗਰਮੀ ਨਾਲ ਲੋਕ ਹੋਏ ਬੇਹਾਲ, 42 ਡਿਗਰੀ ਤੱਕ ਪਹੁੰਚਿਆ ਤਾਪਨਾਮ

## ਕਹਿਰ ਦੀ ਗਰਮੀ ਦੇ ਮੱਦੇਨਜ਼ਰ 10 ਦਿਨ ਪਹਿਲਾਂ ਹੀ ਪੰਜਾਬ ਦੇ ਸਕੂਲਾਂ ‘ਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ

ਸ਼੍ਰੀ ਅਨੰਦਪੁਰ ਸਾਹਿਬ , 20 ਮਈ (ਦਵਿੰਦਰਪਾਲ ਸਿੰਘ): ਦਿਨੋਂ ਦਿਨ ਵੱਧ ਰਹੀ ਗਰਮੀ ਜਿਵੇ ਜਿਵੇ ਆਪਣਾ ਰੰਗ ਦਿਖਾ ਰਹੀ ਹੈ ਲੋਕਾਂ ਦਾ ਜੀਣਾ ਦੁੱਬਰ ਹੋਇਆ ਪਿਆ ਹੈ, ਦੁਪਿਹਰ ਸਮੇ ਸ਼ੜਕਾ ਤੇ ਬਜਾਰਾ ਵਿੱਚ ਕਰਫਿਊ ਵਰਗਾ ਮਾਹੌਲ ਵੇਖਣ ਨੂੰ ਮਿਲ ਰਿਹਾ ਹੈ । ਲੋਕਾਂ ਨੂੰ ਮਜਬੂਰੀ ਵੱਸ ਜਰੂਰੀ ਚੀਜਾ ਦੀ ਖ੍ਰੀਦੋ ਫਰੋਖਤ ਕਰਨ ਲਈ ਹੀ ਘਰੋਂ ਨਿਕਲਦੇ ਸਮੇਂ ਤੱਪਸ਼ ਤੋਂ ਬਚਣ ਲਈ ਛੱਤਰੀਆ ਅਤੇ ਮੂੰਹ ਢੱਕਣ ਆਦਿ ਲਈ ਮਜਬੂਰ ਹੋਣਾ ਪੈ ਰਿਹਾ ਹੈ। ਗਰਮ ਲੂ ਚੱਲਣ ਕਾਰਨ ਜਿਥੇ ਮੇਨ ਸੜਕਾ ਤੇ ਬਜਾਰਾ ਵਿੱਚ ਸੰਨਾਟਾ ਛਾਇਆ ਪਿਆ ਹੈ ਉਥੇ ਹੀ ਗਾਹਕ ਨਾ ਆਉਣ ਕਾਰਨ ਦੁਕਾਨਦਾਰ ਵੀ ਵਿਹਲੇ ਅਤੇ ਮੰਦੀ ਦਾ ਸ਼ਿਕਾਰ ਹੋ ਰਹੇ ਹਨ ਅਤੇ ਦੁਪਿਹਰ ਸਮੇਂ ਉਹ ਵੀ ਆਪਣੀਆਂ ਦੁਕਾਨਾ ਬੰਦ ਕਰਕੇ ਘਰਾਂ ਵਿੱਚ ਅਰਾਮ ਕਰਨ ਲਈ ਜਾ ਰਹੇ ਹਨ। ਅੱਤ ਦੀ ਗਰਮੀ ਵੱਧਣ ਕਰਕੇ ਠੰਡੀਆ ਵਸਤਾ ਦਾ ਸੇਵਨ ਵੱਧਣ ਨਾਲ ਇਨ੍ਹਾਂ ਚੀਜਾ ਦੇ ਰੇਟ ਅਸ਼ਮਾਨ ਛੂੰ ਰਹੇ ਹਨ ਅਤੇ ਗਰੀਬ ਦੀ ਪਹੁੰਚ ਤੋਂ ਬਾਹਰ ਹੋਏ ਪਏ ਹਨ ।

**ਕਹਿਰ ਦੀ ਗਰਮੀ ਦੇ ਮੱਦੇਨਜ਼ਰ 10 ਦਿਨ ਪਹਿਲਾਂ ਹੀ ਪੰਜਾਬ ਦੇ ਸਕੂਲਾਂ ‘ਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ**- ਕਹਿਰ ਦੀ ਗਰਮੀ ਦੇ ਮੱਦੇਨਜ਼ਰ 10 ਦਿਨ ਪਹਿਲਾਂ ਹੀ ਪੰਜਾਬ ਦੇ ਸਕੂਲਾਂ ‘ਚ ਗਰਮੀਆਂ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹ ਫੈਸਲਾ ਲਿਆ ਗਿਆ ਹੈ। ਹਾਲਾਂਕਿ ਦੋ ਦਿਨ ਪਹਿਲਾਂ ਹੀ ਪੰਜਾਬ ਦੇ ਸਕੂਲਾਂ ਦਾ ਸਮਾਂ ਬਦਲਿਆ ਗਿਆ ਸੀ। ਨਵੇਂ ਸਮੇਂ ‘ਤੇ ਅੱਜ ਤੋਂ ਸਕੂਲ ਲੱਗੇ ਸਨ ਪਰ ਸੂਬੇ ‘ਚ ਹੀਟਵੇਵ ਅਲਰਟ ਹੋਣ ‘ਤੇ ਇਹਤਿਆਤ ਵਜੋਂ ਸਕੂਲਾਂ ‘ਚ ਅੱਜ ਤੋਂ ਹੀ ਛੁੱਟੀਆਂ ਕਰ ਦਿੱਤੀਆਂ ਗਈਆਂ ਹਨ। ਸਿੱਖਿਆ ਵਿਭਾਗ ਪੰਜਾਬ ਵੱਲੋਂ ਵੀ ਇਸ ਸਬੰਧੀ ਹੁਕਮ ਜਾਰੀ ਕਰ ਦਿੱਤੇ ਗਏ ਹਨ।






**ਵੱਧ ਤੋਂ ਵੱਧ ਪੌਦੇ ਲਗਾਉਣੇ ਅਤੇ ਪੰਛੀਆਂ ਲਈ ਘਰਾਂ ਦੀਆਂ ਛੱਤਾਂ ਤੇ ਪਾਣੀ ਭਰਕੇ ਰੱਖਣਾ ਵੀ ਬਹੁਤ ਜਰੂਰੀ-: ਸੰਜੀਵ ਧਰਮਾਣੀ**- ਆਸਰਾ ਫਾਉਂਡੇਸ਼ਨ ਦੇ ਪ੍ਰਧਾਨ ਮਾਸਟਰ ਸੰਜੀਵ ਧਰਮਾਣੀ ਨੇ ਅੱਤ ਦੀ ਪੈ ਰਹੀ ਗਰਮੀ ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਤੇਜ਼ ਗਰਮੀ ਦੇ ਇਸ ਮੌਸਮ ਵਿਚ ਸਰੀਰ ਨੂੰ ਤੰਦਰੁਸਤ ਰੱਖਣ ਲਈ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸਰੀਰ ਨੂੰ ਗਰਮੀ ਤੋਂ ਬਚਾਉਣ ਲਈ ਵੱਧ ਤੋਂ ਵੱਧ ਪਾਣੀ, ਨਿੰਬੂ ਪਾਣੀ, ਨਾਰੀਅਲ ਪਾਣੀ ਤੇ ਫਲ ਆਦਿ ਖਾਣੇ ਚਾਹੀਦੇ ਹਨ। ਤੱਲੇ ਹੋਏ ਜਾਂ ਜ਼ਿਆਦਾ ਮਸਾਲੇਦਾਰ ਭੋਜਨ ਤੋਂ ਬੱਚਣਾ ਚਾਹੀਦਾ ਹੈ ਤੇ ਹਲਕਾ ਤੇ ਸਾਦਾ ਭੋਜਨ ਹੀ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਨਿੰਬੂ ਪਾਣੀ ਗਰਮੀ ਤੋਂ ਬਚਣ ਲਈ ਇੱਕ ਵਧੀਆ ਤਰੀਕਾ ਹੈ। ਉਹਨਾਂ ਕਿਹਾ ਕਿ ਵੱਧ ਤੋਂ ਵੱਧ ਰੁੱਖ ਲਗਾਉਣੇ ਵੀ ਸਮੇਂ ਦੀ ਮੁਖ ਮੰਗ ਹੈ । ਇਸ ਮੌਕੇ ਉਹਨਾਂ ਲੋਕਾਂ ਨੂੰ ਅਪੀਲ ਵੀ ਕੀਤੀ ਹੈ ਪੰਛੀਆਂ ਅਤੇ ਪਸ਼ੂਆਂ ਲਈ ਘਰਾਂ ਦੀਆਂ ਛੱਤਾਂ ਤੇ ਘਰ ਦੇ ਗੇਟ ਤੋਂ ਬਾਹਰ ਪਾਣੀ, ਭੋਜਨ ਆਦਿ ਜ਼ਰੂਰ ਰੱਖਿਆ ਕਰਨ।

# ਮਹਿਲਕਲਾਂ ਹਲਕੇ ਦੇ ਵੱਖ ਵੱਖ ਪਿੰਡਾਂ 'ਚ ਪਹੁੰਚੇ ਸੁਖਪਾਲ ਖਹਿਰਾ

## ਆਪ ਤੇ ਭਾਜਪਾ ਨੇ ਗਰੀਬਾਂ ਦਾ ਵੱਡਾ ਨੁਕਸਾਨ ਕੀਤਾ : ਸੁਖਪਾਲ ਖਹਿਰਾ

ਸ਼ੇਰਪੁਰ ,20 ਮਈ (ਸੱਤਪਾਲ ਸਿੰਘ ਕਾਲਾਬੂਲਾ ) - ਲੋਕ ਸਭਾ ਹਲਕਾ ਸੰਗਰੂਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਨੇ ਕਾਂਗਰਸ ਪਾਰਟੀ ਦੇ ਕੁਲਦੀਪ ਸਿੰਘ ਕਾਲਾ ਢਿੱਲੋਂ ਜ਼ਿਲ੍ਹਾ ਪ੍ਰਧਾਨ ਬਰਨਾਲਾ, ਚੰਦ ਸਿੰਘ ਚੋਪੜਾ ਸਾਬਕਾ ਵਿਧਾਇਕ ਆਦਿ ਸੀਨੀਅਰ ਆਗੂਆਂ ਨਾਲ ਹਲਕੇ ਮਹਿਲਕਲਾਂ ਦੇ ਵੱਖ ਵੱਖ ਪਿੰਡਾਂ ਵਿੱਚ ਪਹੁੰਚੇ ਜਿਸ ਦੇ ਚਲਦਿਆ ਨੇੜਲੇ ਪਿੰਡ ਗੁੰਮਟੀ ਵਿਖੇ ਸੀਨੀਅਰ ਦਲਿਤ ਲੀਡਰ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਦੌਰਾਨ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸੁਖਪਾਲ ਖਹਿਰਾ ਨੇ ਕਿਹਾ ਕਿ ਭਾਜਪਾ ਅਤੇ ਸੂਬੇ ਦੀ ਸੱਤਾ ਤੇ ਕਾਬਜ਼ ਆਮ ਆਦਮੀ ਪਾਰਟੀ ਨੇ ਗਰੀਬਾਂ ਦਾ ਵੱਡੇ ਪੱਧਰ ਤੇ ਨੁਕਸਾਨ ਕੀਤਾ ਹੈ ਉਨ੍ਹਾਂ ਕਿਹਾ ਕਿ ਨਰਿੰਦਰ ਮੋਦੀ ਨੇ ਹਰ ਇੱਕ ਦੇ ਖਾਤੇ ਵਿੱਚ 15-15 ਲੱਖ ਰੁਪਏ ਪਾਉਣ ਅਤੇ ਆਮ ਆਦਮੀ ਪਾਰਟੀ ਨੇ ਪੰਜਾਬ ਦੀ ਹਰ ਮਹਿਲਾ ਨੂੰ ਹਰ ਮਹੀਨੇ 1000 ਰੁਪਏ ਦੇਣ ਦੇ ਝੂਠੇ ਵਾਅਦੇ ਕਰਕੇ ਸੱਤਾ ਹਾਸਲ ਕਰਨ ਵਾਲੀਆਂ ਇਨ੍ਹਾਂ ਮਤਲਬੀ ਸਰਕਾਰਾਂ ਨੇ ਆਪਣਾਂ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਅੱਜ ਉਹ ਕਿਸ ਮੂੰਹ ਨਾਲ ਲੋਕਾਂ ਸਾਹਮਣੇ ਆ ਰਹੇ ਹਨ ਇਨ੍ਹਾਂ ਨੂੰ ਵੋਟਾਂ ਮੰਗਣ ਦਾ ਕੋਈ ਅਧਿਕਾਰ ਨਹੀਂ ਹੈ, ਦੂਜੇ ਪਾਸੇ ਕਾਂਗਰਸ ਪਾਰਟੀ ਜਿਨ੍ਹਾਂ ਦੇਸ਼ ਦੀ ਸੱਤਾ ਚ ਹੁੰਦਿਆਂ ਅਨੇਕਾਂ ਲੋਕ ਭਲਾਈ ਸਕੀਮਾਂ ਸ਼ੁਰੂ ਕੀਤੀਆਂ ਅਤੇ ਲੋਕਾਂ ਨੂੰ ਵੱਖ ਵੱਖ ਤਰ੍ਹਾਂ ਦੇ ਅਧਿਕਾਰ ਦੇਣ ਲਈ ਕਈ ਕਾਨੂੰਨ ਬਣਾਏ ਜਿਸ ਦਾ ਅੱਜ ਵੀ ਲੋਕ ਲਾਭ ਲੈ ਰਹੇ ਹਨ ?ਸੁਖਪਾਲ ਖਹਿਰਾ ਨੇ ਕਿਹਾ ਕਿ ਮਨਰੇਗਾ ਅਤੇ ਮੁਫ਼ਤ ਰਾਸ਼ਨ ਸਕੀਮ ਵੀ ਕਾਂਗਰਸ ਪਾਰਟੀ ਦੀ ਹੀ ਦੇਣ ਹੈ। ਉਨ੍ਹਾਂ ਕਿਹਾ ਕਿ ਮੁੜ ਦੇਸ਼ ਚ ਕਾਂਗਰਸ ਸਰਕਾਰ ਬਣਨ ਤੇ ਮਨਰੇਗਾ ਮਜ਼ਦੂਰਾਂ ਦੀ ਦਿਹਾੜੀ ਨੂੰ 400 ਰੁਪਏ, ਸਾਲ ਵਿੱਚ 100 ਦਿਨ ਤੋਂ ਵਧਾਕੇ 200 ਦਿਨ ਕੰਮ ਦੇਣ ਦੀ ਗਰੰਟੀ, ਸਸਤਾ ਰਾਸ਼ਨ ਪ੍ਰਤੀ ਮੈਂਬਰ 5 ਕਿਲੋ ਤੋਂ ਵਧਾਕੇ 10 ਕਿਲੋ ਅਨਾਜ ਦੇਣ ਸਣੇ ਦੇਸ਼ ਦੀ ਹਰ ਗਰੀਬ ਮਹਿਲਾ ਅਤੇ ਬੇਰੋਜ਼ਗਾਰ ਨੌਜਵਾਨਾਂ ਨੂੰ ਹਰ ਸਾਲ ਇੱਕ - ਇੱਕ ਲੱਖ ਰੁਪਏ ਦਿੱਤੇ ਜਾਣਗੇ ? ਦਲਿਤ ਲੀਡਰ ਦਰਸ਼ਨ ਕਾਂਗੜਾ ਨੇ ਕਿਹਾ ਕਿ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਜੀ ਨੇ ਦੇਸ਼ ਦੇ ਸਵਿਧਾਨ ਦੇ ਅੰਦਰ ਸਭਨਾਂ ਨੂੰ ਬਰਾਬਰ ਦੇ ਅਧਿਕਾਰ ਦਿੱਤੇ ਹਨ ਜਿਸ ਦੀ ਬਦੌਲਤ ਅੱਜ ਹਰ ਵਰਗ ਅਤੇ ਹਰ ਜਾਤੀ ਦੇ ਲੋਕ ਵੱਖ ਵੱਖ ਉੱਚ ਅਹੁਦਿਆਂ ਤੇ ਬਿਰਾਜਮਾਨ ਹਨ ਪਰੰਤੂ ਭਾਜਪਾ ਉਸ ਸਵਿਧਾਨ ਨੂੰ ਖਤਮ ਕਰਕੇ ਕਰਨਾ ਚਾਹੁੰਦੀ ਹੈ। ਅੱਜ ਸਾਡੇ ਦੇਸ਼ ਦੇ ਸਵਿਧਾਨ ਨੂੰ ਵੱਡਾ ਖਤਰਾ ਬਣਿਆ ਹੋਇਆ ਹੈ ਜਿਸ ਨੂੰ ਬਚਾਉਣ ਲਈ ਸਾਨੂੰ ਸਭ ਨੂੰ ਕਾਂਗਰਸ ਪਾਰਟੀ ਦਾ ਸਾਥ ਦੇਣਾ ਚਾਹੀਦਾ ਹੈ। ਕਿਉਂ ਕਿ ਕਾਂਗਰਸ ਪਾਰਟੀ ਹੀ ਇੱਕ ਅਜਿਹੀ ਪਾਰਟੀ ਹੈ ਜ਼ੋ ਸਾਡੇ ਸਵਿਧਾਨ ਨੂੰ ਬਚਾ ਸਕਦੀ ਹੈ। ਜਿਸ ਵਿੱਚ ਕੋਈ ਜਾਤੀ ਵਿਤਕਰਾ ਨਹੀਂ ਕੀਤਾ ਜਾਂਦਾ ਕਾਂਗਰਸ ਪਾਰਟੀ ਹਰ ਵਰਗ ਨੂੰ ਬਰਾਬਰਤਾ ਦਾ ਦਰਜਾ ਦਿੰਦੀ ਹੈ। ਇਸ ਪਾਰਟੀ ਦਾ ਕੌਮੀ ਪ੍ਰਧਾਨ ਸ਼੍ਰੀ ਮਲਿਕ ਅਰਜੂਨ ਖੜਗੇ ਜ਼ੋ ਕੇ ਦਲਿਤ ਭਾਈਚਾਰੇ ਨਾਲ ਸਬੰਧਿਤ ਹੈ ਇਸ ਦਾ ਪ੍ਰਤੱਖ ਪ੍ਰਮਾਣ ਹੈ। ਕਾਂਗਰਸ ਪਾਰਟੀ ਹੀ ਦੇਸ਼ ਦਾ ਭਵਿੱਖ ਸਵਾਰ ਸਕਦੀ ਹੈ ਇਸ ਮੌਕੇ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਦੇ ਪਰਮਜੀਤ ਕੌਰ ਗੁੰਮਟੀ ਸੂਬਾ ਪ੍ਰਧਾਨ ਮਹਿਲਾ ਵਿੰਗ ਨੇ ਵੀ ਮਜ਼ਦੂਰਾਂ ਦੇ ਹੱਕਾਂ ਦੀ ਗੱਲ ਕੀਤੀ ? ਇਸ ਮੌਕੇ ਯੂਥ ਆਗੂ ਬਨੀ ਖੈਰਾ , ਗੁਰਮੇਲ ਸਿੰਘ ਮੋੜ , ਮਲਕੀਤ ਮੀਤਾ ਜ਼ਿਲ੍ਹਾ ਪ੍ਰਧਾਨ ਬਰਨਾਲਾ, ਬਲਾਕ ਪ੍ਰਧਾਨ ਜਸਮੇਲ ਸਿੰਘ ਬੜੀ, ਕ੍ਰਿਸ਼ਨ ਕੁਮਾਰ ਨੀਟੂ ਸਿੰਗਲਾ ਸ਼ੇਰਪੁਰ, ਸੁਖਪਾਲ ਸਿੰਘ ਭੰਮਾਬੱਦੀ ਜ਼ਿਲ੍ਹਾ ਪ੍ਰਧਾਨ ਸੰਗਰੂਰ, ਰੁਲਦੂ ਸਿੰਘ ਸੂਬਾ ਸਲਾਹਕਾਰ, ਰਾਏ ਸਿੰਘ ਸਰਪੰਚ, ਸ਼ਸ਼ੀ ਚਾਵਰੀਆ, ਰੂਪ ਸਿੰਘ, ਹਮੀਰ ਸਿੰਘ, ਮਾਸਟਰ ਸੁਰਜੀਤ ਸਿੰਘ, ਬਲਵੀਰ ਸਿੰਘ, ਹਰਦੀਪ ਕੌਰ, ਕਮਲਜੀਤ ਕੌਰ, ਕਿਰਨਜੀਤ ਕੌਰ, ਵੀਰਪਾਲ ਕੌਰ ਆਦਿ ਹਾਜ਼ਰ ਸਨ।




## ਪਿੰਡ ਭਗਵਾਨਪੁਰਾ ਵਿਖੇ ਐੱਨ ਆਰ ਆਈ ਯਾਰਾਂ ਦਾ ਕ੍ਰਿਕਟ ਮਹਾਂਕੁੰਭ 23 ਤੋਂ 26 ਮਈ

ਸ਼ੇਰਪੁਰ, 20 ਮਈ (ਸੱਤਪਾਲ ਸਿੰਘ ਕਾਲਾਬੂਲਾ) - ਇੱਥੋਂ ਨੇੜਲੇ ਪਿੰਡ ਭਗਵਾਨਪੁਰਾ ਵਿਖੇ ਬਾਬਾ ਸਿੱਧ ਜੀ ਦੀ ਅਪਾਰ ਕਿਰਪਾ ,ਸਮੂਹ ਨਗਰ ਅਤੇ ਨਗਰ ਪੰਚਾਇਤ ਦੇ ਸਹਿਯੋਗ ਨਾਲ ਐੱਨ ਆਰ ਆਈ ਯਾਰਾਂ ਦਾ ਕ੍ਰਿਕਟ ਮਹਾਂਕੁੰਭ 23 , 24 , 25 ਅਤੇ 26 ਮਈ 2024 ਨੂੰ ਕਰਵਾਇਆ ਜਾ ਰਿਹਾ ਹੈ । ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਲੱਬ ਆਗੂਆਂ ਚੇਤਨ ਰਿਸ਼ੀ ਭਗਵਾਨਪੁਰਾ, ਸ਼ੁਭਪ੍ਰੀਤ ਸਿੰਘ ਨੇ ਦੱਸਿਆ ਕਿ ਕ੍ਰਿਕਟ ਮਹਾਕੁੰਭ ਦਾ ਉਦਘਾਟਨ ਇੰਸਪੈਕਟਰ ਕਮਲਜੀਤ ਸਿੰਘ ਗਿੱਲ ਥਾਣਾ ਮੁਖੀ ਸ਼ੇਰਪੁਰ ਕਰਨਗੇ । ਖਿਡਾਰੀਆਂ ਲਈ ਪਹਿਲਾ ਇਨਾਮ 51000 ਰੁਪਏ, ਦੂਸਰਾ ਇਨਾਮ 35000 ਰੁਪਏ ਹੋਵੇਗਾ ਅਤੇ ਮੈਨ ਆਫ ਸੀਰੀਜ਼ ਪਿੰਡ ਵਾਲੇ ਨੂੰ ਮੋਡੀਫਾਈ ਫੋਰਡ ਟਰੈਕਟਰ ਅਤੇ ਬਾਹਰ ਵਾਲੇ ਨੂੰ ਨਵਾਂ ਮੋਟਰਸਾਈਕਲ ਨਾਲ ਸਨਮਾਨਤ ਕੀਤਾ ਜਾਵੇਗਾ । ਕ੍ਰਿਕਟ ਮਹਾਂਕੁੰਭ ਦੀ ਸ਼ਾਨ ਨੂੰ ਚਾਰ ਚੰਨ ਲਗਾਉਣ ਲਈ ਸ੍ਰੀ ਕਿਰਨ ਮਹੰਤ ਉੱਘੇ ਸਮਾਜਸੇਵੀ ਡੇਰਾ ਹਠੂਰ , ਮਹਿਲਕਲਾਂ, ਰਾਏਕੋਟ , ਸ਼ੇਰਪੁਰ, ਕੁਲਵੰਤ ਸਿੰਘ ਪੰਡੋਰੀ 'ਆਪ' ਵਿਧਾਇਕ ਹਲਕਾ ਮਹਿਲ ਕਲਾਂ , ਸ਼੍ਰੀਮਤੀ ਸੀਮਾ ਕੌਸ਼ਲ ਪ੍ਰਸਿੱਧ ਪੰਜਾਬੀ ਫਿਲਮੀ ਕਲਾਕਾਰ, ਸ਼੍ਰੀਮਤੀ ਨੀਲ ਕਮਲ ਭਾਰਦਵਾਜ ਪ੍ਰਸਿੱਧ ਜੋਤਿਸ਼ ਅਚਾਰਿਆ ਪਟਿਆਲਾ, ਚਮਨ ਸਿੰਗਲਾ, ਬਿੰਦਰ ਸਿੰਘ ਖਾਲਸਾ ਪੀ ਏ ਵਿਧਾਇਕ ਪੰਡੋਰੀ ਤੋਂ ਇਲਾਵਾ ਸਮੂਹ ਪ੍ਰੈੱਸ ਕਲੱਬ ਅਤੇ ਪਤਵੰਤੇ ਵਿਸ਼ੇਸ਼ ਤੌਰ ਤੇ ਹਾਜ਼ਰੀ ਲਗਾਉਣਗੇ । ਪ੍ਰਬੰਧਕਾਂ ਨੇ ਖਿਡਾਰੀ ਵੀਰਾਂ ਅਤੇ ਖੇਡ ਪ੍ਰੇਮੀਆਂ ਨੂੰ ਇਸ ਕ੍ਰਿਕਟ ਮਹਾਂਕੁੰਭ ਵਿਚ ਪਹੁੰਚਣ ਲਈ ਪੁਰਜ਼ੋਰ ਅਪੀਲ ਕੀਤੀ ਹੈ ।

# ਕੇਂਦਰ 'ਚ ਸਰਕਾਰ ਕੋਈ ਵੀ ਕਿਸਾਨੀ ਮੰਗਾਂ ਮੰਨੇ ਜਾਣ ਤੱਕ ਅੰਦੋਲਨ ਜਾਰੀ ਰੱਖਾਂਗੇ -ਭਾਕਿਯੂ ਬਹਿਰਾਮਕੇ

## ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੀ ਮਹੀਨਾਵਾਰ ਮੀਟਿੰਗ ਵਿੱਚ ਲਏ ਅਹਿਮ ਫੈਸਲੇ

ਕੋਟ ਈਸੇ ਖਾਂ 20 ਮਈ (ਅਰੋੜਾ) ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਕਿਸਾਨ ਮਜ਼ਦੂਰ ਮੋਰਚੇ ਦੇ ਆਗੂ ਬਲਵੰਤ ਸਿੰਘ ਬਹਿਰਾਮਕੇ ਸੂਬਾ ਪ੍ਰਧਾਨ ਬੀਕੇਯੂ ਬਹਿਰਾਮਕੇ ਦੀ ਅਗਵਾਈ ਹੇਠ ਕੀਤੀ ਗਈ ਜਿਸ ਵਿੱਚ ਵਿਸ਼ੇਸ਼ ਤੌਰ ਤੇ ਮਲਕੀਤ ਸਿੰਘ ਅਮੀਵਾਲਾ ਸੂਬਾ ਸਕੱਤਰ, ਗੁਰਨਾਮ ਸਿੰਘ ਸਾਹਵਾਲਾ ਸੂਬਾ ਸਕੱਤਰ, ਬਾਜ ਸਿੰਘ ਸੰਗਲਾ ਐਗਜਿਕਟਿਵ ਮੇਂਬਰ ਪੰਜਾਬ, ਜਗੀਰ ਸਿੰਘ ਸਾਦੀਵਾਲਾ ਐਗਜਿਕਟਿਵ ਮੇਂਬਰ ਪੰਜਾਬ ਵੀ ਹਾਜਰ ਹੋਏ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ੰਭੂ, ਖਨੌਰੀ, ਡੱਬਵਾਲੀ, ਰਤਨਪੁਰ ਬਾਰਡਰਾਂ ਤੇ ਕਿਸਾਨ ਅੰਦੋਲਨ ਚੱਲ ਰਹੇ ਹਨ । ਇਸ ਪਾਰੋਂ ਦੋਨਾਂ ਫੋਰਮਾਂ ਵਲੋਂ ਇੱਕ ਵਿਸ਼ੇਸ਼ ਮੀਟਿੰਗ ਬੁਲਾ ਕਿ ਮਤਾ ਪਾਸ ਹੋਇਆ ਕਿ 22 ਮਈ ਨੂੰ ਕਿਸਾਨ ਅੰਦੋਲਨ -2 ਨੂੰ 100 ਦਿਨ ਪੂਰਾ ਹੋਣ ਤੇ ਚਾਰੇ ਮੋਰਚਿਆ ਤੇ ਵੱਡੀਆਂ ਕਿਸਾਨ ਕਾਨਫਰੰਸਾਂ ਕੀਤੀਆਂ ਜਾਣਗੀਆਂ। ਦੇਸ ਦੇ ਸਾਰੇ ਸੂਬਿਆ ਵਿੱਚ ਕਿਸਾਨ ਲੱਖਾ ਦੀ ਗਿਣਤੀ ਵਿੱਚ ਹਾਜਰੀ ਭਰਨਗੇ । ਬੀਜੇਪੀ ਦੇ ਕਾਰਕੂੰਨ ਕਹਿੰਦੇ ਆ ਅੰਦੋਲਨ ਕਰ ਰਹੇ ਕਿਸਾਨ ਨਹੀ ਪਰ 22 ਮਈ ਨੂੰ ਕੈਮਰੇ ਲਾਕੇ ਦੇਖ ਲੇਣ ਕਿ ਕਿਸਾਨ ਹੀ ਕਿਸਾਨ ਨਜਰ ਆਉਣਗੇ। ਸਾਰੇ ਬਾਰਡਰਾਂ ਤੇ ਬੀਜੇਪੀ ਦੇ ਸਾਰੇ ਭੁਲੇਖੇ 1 ਜੂਨ ਨੂੰ ਦੂਰ ਹੋ ਜਾਣਗੇ। ਇਸ ਮੌਕੇ ਜਿਲਾ ਪ੍ਰਧਾਨ ਜਗਰੂਪ ਸਿੰਘ ਰੰਡਿਆਲਾ, ਤੋਤਾ ਸਿੰਘ ਐਗਜਿਕਟਿਵ ਮੇਂਬਰ ਪੰਜਾਬ, ਗੁਰਮੇਲ ਸਿੰਘ ਗਿੱਲ ਸਹਿਰੀ ਪ੍ਰਧਾਨ, ਮੁਖਤਿਆਰ ਸਿੰਘ ਚੱਕ ਸਿੰਘ ਪੁਰਾ, ਚਮਕੋਰ ਸਿੰਘ ਬੱਡੂਵਾਲ, ਨਰਿੰਦਰ ਸਿੰਘ ਗੱਗੇਵਾਲ, ਟਹਿਲ ਸਿੰਘ ਸੇਰੇਵਾਲਾ, ਕੁਲਦੀਪ ਸਿੰਘ, ਲਖਵਿੰਦਰ ਸਿੰਘ ਫਤਹਿਪੁਰ ਝੁੱਗੀਆਂ, ਇਕਬਾਲ ਸਿੰਘ ਦਾਤੇਵਾਲ, ਸਤਨਾਮ ਸਿੰਘ ਰੰਡਿਆਲਾ, ਮੁਕੰਦ ਸਿੰਘ ਮੱਤਾ ਪ੍ਰਚਾਰ ਸਕੱਤਰ,ਸਵਰਨ ਸਿੰਘ ਬਲਾਕ ਪ੍ਰਧਾਨ, ਸੁਖਵਿੰਦਰ ਸਿੰਘ ਜੰਬਰ ਪ੍ਰਧਾਨ, ਰਾਜੂ ਕਲੇਰ, ਜਗਰਾਜ ਸਿੰਘ ਧਾਲੀਵਾਲ, ਜਗੀਰ ਸਿੰਘ ਫੋਜੀ, ਤਰਸੇਮ ਸਿੰਘ ਜੰਗ, ਸੁਭਾਸ ਚੰਦਰ, ਗੁਰਵਿੰਦਰ ਸਿੰਘ ਚੁੱਘਾ ਕਲਾ, ਹਰਜਿੰਦਰ ਸਿੰਘ ਬੱਡੂਵਾਲ, ਜਸਵੰਤ ਸਿੰਘ, ਗੁਰਚਰਨ ਸਿੰਘ ਚੰਨ, ਪ੍ਰਦੀਪ ਸਿੰਘ ਮਸੀਤਾਂ, ਗੁਰਚਰਨ ਸਿੰਘ ਚਰਾਗਸਾਹਵਾਲਾ, ਗੁਰਦੇਵ ਸਿੰਘ ਲੋਂਗੀਵਿੰਡ, ਸੁਖਵੰਤ ਸਿੰਘ, ਸਤਨਾਮ ਸਿੰਘ ਰਸੂਲਪੁਰ, ਗੋਪਾਲ ਸਿੰਘ ਸਾਦੀਵਾਲਾ, ਜਥੇਦਾਰ ਬਲਵੀਰ ਸਿੰਘ, ਸੇਵਾ ਸਿੰਘ ਦਲੀਏਕਾ, ਅਮਰੀਕ ਸਿੰਘ, ਮਨਜੀਤ ਸਿੰਘ ਸਰੋਆ, ਨਿਰਮਲ ਸਿੰਘ ਅਮੀਵਾਲਾ, ਮਲੂਕ ਸਿੰਘ ਜੋਧੂ, ਨਿੰਦਰ ਮਸਤੇਵਾਲਾ, ਜਥੇਦਾਰ ਗੋਪਾਲ ਸਿੰਘ ਨਿਹੰਗ ਸਿੰਘ, ਆਦਿ ਕਿਸਾਨ ਆਗੂ ਤੇ ਵਰਕਰ ਹਾਜਰ ਸਨ।



# ਕਾਨਪੁਰ 'ਚ ਸਪਾ ਵਿਧਾਇਕ 'ਤੇ ਅਦਾਲਤ ਦਾ ਫੈਸਲਾ 9ਵੀਂ ਵਾਰ ਮੁਲਤਵੀ, ਹੁਣ 27 ਨੂੰ ਸੁਣਵਾਈ




## - ਜਾਜਮਾਊ ਅੱਗਜ਼ਨੀ ਮਾਮਲੇ 'ਚ ਵਿਧਾਇਕ ਇਰਫਾਨ 'ਤੇ ਲਿਆ ਜਾਵੇਗਾ ਫੈਸਲਾ

ਕਾਨਪੁਰ (ਸੁਨੀਲ ਬਾਜਪਾਈ) ਅੱਗਜ਼ਨੀ ਸਮੇਤ ਕਈ ਅਪਰਾਧਿਕ ਮਾਮਲਿਆਂ ਦੇ ਦੋਸ਼ੀ ਸਮਾਜਵਾਦੀ ਪਾਰਟੀ ਦੇ ਵਿਧਾਇਕ ਇਰਫਾਨ ਸੋਲੰਕੀ 'ਤੇ ਅਦਾਲਤ ਦਾ ਫੈਸਲਾ ਨੌਵੀਂ ਵਾਰ ਟਾਲ ਦਿੱਤਾ ਗਿਆ ਹੈ। ਸੁਣਵਾਈ ਅੱਜ 20 ਮਈ ਨੂੰ ਹੋਣੀ ਸੀ ਪਰ ਹੁਣ ਇਹ ਸੁਣਵਾਈ ਅਗਲੀ 27 ਤਰੀਕ ਨੂੰ ਹੋਵੇਗੀ।

ਜਾਜਮਾਊ ਅੱਗਜ਼ਨੀ ਮਾਮਲੇ 'ਚ ਵਿਧਾਇਕ ਇਰਫਾਨ ਵਿਰੁੱਧ ਫੈਸਲਾ ਇੱਥੋਂ ਦੀ ਸੰਸਦ ਮੈਂਬਰ ਅਦਾਲਤ 'ਚ ਸੁਣਾਇਆ ਜਾਣਾ ਸੀ। ਅਦਾਲਤ ਨੇ ਹੁਣ ਫੈਸਲੇ ਲਈ 27 ਮਈ ਦੀ ਤਰੀਕ ਦਿੱਤੀ ਹੈ। ਇਰਫਾਨ ਨੂੰ ਵੀ ਜੇਲ੍ਹ ਤੋਂ ਸੰਮਨ ਜਾਰੀ ਕੀਤਾ ਗਿਆ ਹੈ।

ਦੱਸ ਦੇਈਏ ਕਿ 1 ਮਾਰਚ ਨੂੰ ਸਾਰੀਆਂ ਧਿਰਾਂ ਦੀਆਂ ਦਲੀਲਾਂ ਪੂਰੀਆਂ ਹੋਣ ਤੋਂ ਬਾਅਦ ਅਦਾਲਤ ਨੇ ਫੈਸਲੇ ਲਈ 14 ਮਾਰਚ ਦੀ ਤਰੀਕ ਤੈਅ ਕੀਤੀ ਸੀ। ਇਸ ਤੋਂ ਬਾਅਦ ਕਈ ਕਾਰਨਾਂ ਕਰਕੇ ਫੈਸਲਾ ਟਾਲਦਾ ਰਿਹਾ। ਇਸ ਦੌਰਾਨ ਅਦਾਲਤ ਨੇ ਦੋਵਾਂ ਧਿਰਾਂ ਨੂੰ ਮੁੜ ਲਿਖਤੀ ਬਹਿਸ ਦਾਇਰ ਕਰਨ ਲਈ ਕਿਹਾ ਸੀ। 9 ਮਈ ਨੂੰ ਅਦਾਲਤ ਵਿੱਚ ਸਾਰੀਆਂ ਧਿਰਾਂ ਦੀਆਂ ਲਿਖਤੀ ਦਲੀਲਾਂ ਵੀ ਦਾਇਰ ਕੀਤੀਆਂ ਗਈਆਂ ਸਨ। ਇਸ ਤੋਂ ਬਾਅਦ ਅਦਾਲਤ ਨੇ 20 ਮਈ ਦੀ ਤਰੀਕ ਤੈਅ ਕੀਤੀ ਸੀ।

ਇਰਫਾਨ ਦੇ ਵਕੀਲ ਸ਼ਿਵਕਾਂਤ ਦੀਕਸ਼ਿਤ ਨੇ ਅਦਾਲਤ 'ਚ ਇਰਫਾਨ ਨੂੰ ਸੰਮਨ ਕਰਨ ਲਈ ਅਰਜ਼ੀ ਦਾਖਲ ਕੀਤੀ, ਜਿਸ 'ਤੇ ਉਸ ਨੂੰ 27 ਮਈ ਨੂੰ ਸੰਮਨ ਕਰਨ ਦਾ ਹੁਕਮ ਦਿੱਤਾ ਗਿਆ। 27 ਮਈ ਨੂੰ ਇਰਫਾਨ ਸਮੇਤ ਸਾਰੇ ਦੋਸ਼ੀ ਅਦਾਲਤ 'ਚ ਪਹੁੰਚਣਗੇ ਅਤੇ ਫਿਰ ਅਦਾਲਤ ਆਪਣਾ ਫੈਸਲਾ ਸੁਣਾਏਗੀ।

ਇਸ ਮਾਮਲੇ 'ਚ ਹੋਏ ਘਟਨਾਕ੍ਰਮ ਮੁਤਾਬਕ ਜਾਜਮਾਊ ਨਿਵਾਸੀ ਨਜ਼ੀਰ ਫਾਤਿਮਾ ਦੇ ਘਰ 7 ਨਵੰਬਰ 2022 ਨੂੰ ਅੱਗ ਲੱਗ ਗਈ ਸੀ, ਜਿਸ 'ਚ ਸਪਾ ਵਿਧਾਇਕ ਇਰਫਾਨ ਸੋਲੰਕੀ, ਉਸ ਦੇ ਭਰਾ ਰਿਜ਼ਵਾਨ ਸੋਲੰਕੀ ਸਮੇਤ 5 ਲੋਕਾਂ ਖਿਲਾਫ ਐੱਫ.ਆਈ.ਆਰ.

# ਗੈਂਗਸਟਰਾਂ ਨੂੰ ਪਨਾਹ ਦੇਣ ਵਾਲੇ ਗਿਰੋਹ ਦੇ 7 ਮੈਂਬਰਾਂ ਨੂੰ ਤਿੰਨ ਹਥਿਆਰਾਂ ਸਮੇਤ ਕੀਤਾ ਕਾਬੂ




ਨਵਾਂਸ਼ਹਿਰ , 20 ਮਈ (ਜਤਿੰਦਰ ਪਾਲ ਸਿੰਘ ਕਲੇਰ) ਜਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਐਸਐਸਪੀ ਡਾ. ਮਹਿਤਾਬ ਸਿੰਘ ਆਈਪੀਐਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾਕਟਰ ਮੁਕੇਸ਼ ਕੁਮਾਰ ਪੀਪੀਐਸ ਕਪਤਾਨ ਪੁਲਿਸ ਜਾਂਚ ਅਤੇ ਪ੍ਰੇਮ ਕੁਮਾਰ ਪੀਪੀਐਸ ਉਪ ਕਪਤਾਨ ਪੁਲਿਸ ਜਾਂਚ ਦੀਆਂ ਹਦਾਇਤਾਂ ਮੁਤਾਬਕ ਸੀਆਈਏ ਸਟਾਫ ਦੀ ਪੁਲਿਸ ਪਾਰਟੀ ਵੱਲੋਂ ਗੈਂਗਸਟਰਾਂ ਨੂੰ ਪਨਾਹ ਦੇਣ ਵਾਲੇ ਗਿਰੋਹ ਦੇ 7 ਮੈਂਬਰਾਂ ਨੂੰ ਤਿੰਨ ਨਾਜਾਇਜ਼ ਹਥਿਆਰਾਂ ਅਤੇ ਜਿੰਦਾ ਰੋਂਦਾਂ ਸਮੇਤ ਕਾਬੂ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਮਹਿਤਾਬ ਸਿੰਘ ਆਈਪੀਐਸ ਸੀਨੀਅਰ ਪੁਲਿਸ ਕਪਤਾਨ ਨਵਾਂਸ਼ਹਿਰ ਨੇ ਦਦੱਸਿਆ ਕਿ ਬੀਤੀ 17 ਮਈ ਨੂੰ ਪੁਲਿਸ ਨੂੰ ਇਤਲਾਹ ਮਿਲੀ ਸੀ ਕਿ ਦੀਪਕ ਕੁਮਾਰ ਉਰਫ ਦੀਪੂ ਪੁੱਤਰ ਅਜੇ ਕੁਮਾਰ ਵਾਸੀ ਮੁਹੱਲਾ ਘਾਟੀ ਤੇਲੀਆਂ ਰਾਹੋਂ, ਪ੍ਰਭ ਜੋਤ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਮਹਿਤਪੁਰ ਉਲੱਦਣੀ ਥਾਣਾ ਬਲਾਚੌਰ, ਸਿਮਰਨਜੀਤ ਸਿੰਘ ਉਰਫ ਹੈਪੀ ਪੁੱਤਰ ਹਰਭਜਨ ਸਿੰਘ ਵਾਸੀ ਦੁਧਾਲਾ ਥਾਣਾ ਰਾਹੋਂ, ਅਮਨਪ੍ਰੀਤ ਸਿੰਘ ਉਰਫ ਅਮਨ ਪੁੱਤਰ ਹਰਦੀਪ ਸਿੰਘ ਵਾਸੀ ਸੁੱਜੋਂ ਗੈਂਗਸਟਰਾਂ ਦਾ ਨਜਾਇਜ਼ ਅਸਲਾ ਐਮੋਨੀਏਸ਼ਨ ਸੰਭਾਲਦੇ ਹਨ ਅਤੇ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ ਪਹੁੰਚਾਉਂਦੇ ਹਨ ਤੇ ਜੋ ਗੈਂਗਸਟਰ ਮਾੜੇ ਅਨਸਰ ਵਾਰਦਾਤਾਂ ਕਰਕੇ ਭੱਜੇ ਹੋਏ ਹਨ ਉਹਨਾਂ ਦੇ ਰਹਿਣ ਸਹਿਣ ਦਾ ਪ੍ਰਬੰਧ ਵੀ ਕਰਦੇ ਹਨ। ਪੁਲਿਸ ਨੇ ਇਹਨਾਂ ਚਾਰ ਵਿਅਕਤੀਆਂ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਤਫਤੀਸ਼ ਦੌਰਾਨ ਬਰੀਜਾ ਕਾਰ ਨੰਬਰ ਪੀਬੀ 20 ਡੀ 7803 ਵਿੱਚ ਸਵਾਰਾਂ ਨੂੰ ਕਾਬੂ ਕਰਕੇ ਇਹਨਾਂ ਕੋਲੋਂ ਇੱਕ ਪਿਸਟਲ 32 ਬੋਰ, ਇੱਕ ਰਿਵਾਲਵਰ 32 ਬੋਰ ਅਤੇ 11 ਜਿੰਦਾ ਰੋਂਦ ਬਰਾਮਦ ਕੀਤੇ।

ਹੁਣ ਤੱਕ ਦੀ ਪੁੱਛਗਿਛ ਦੌਰਾਨ ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਨੇ ਮੰਨਿਆ ਹੈ ਕਿ ਉਹਨਾਂ ਪਾਸੋਂ ਬਰਾਮਦ ਅਸਲਾ ਉਹਨਾਂ ਨੂੰ ਸੁਖਵਿੰਦਰ ਕੁਮਾਰ ਉਰਫ ਸੁੱਖਾ ਪੁੱਤਰ ਚਮਨ ਲਾਲ ਵਾਸੀ ਗੜ੍ਹਪਧਾਣਾ ਥਾਣਾ ਔੜ ਨੇ ਦਿੱਤਾ ਸੀ। ਇਸੇ ਤਰ੍ਹਾਂ ਦੋਸ਼ੀਆਂ ਦੀ ਪੁੱਛਗਿੱਛ ਤੋਂ ਮੁਕੱਦਮਾ ਵਿੱਚ ਲਖਵਿੰਦਰ ਕੁਮਾਰ ਉਰਫ ਲੱਖਾ ਪੁੱਤਰ ਪਰਮਜੀਤ ਸਿੰਘ ਵਾਸੀ ਗੜ੍ਹਪਧਾਣਾ ਥਾਣਾ ਔੜ, ਮੋਹਿਤ ਧੀਰ ਪੁੱਤਰ ਪ੍ਰੇਮ ਲਾਲ ਵਾਸੀ ਹੁਸੈਨਪੁਰ ਥਾਣਾ ਰਾਹੋਂ ਅਤੇ ਮਾਨਵ ਬਾਲੂ ਪੁੱਤਰ ਜਸਪਾਲ ਸਿੰਘ ਵਾਸੀ ਕਰੀਹਾ ਥਾਣਾ ਸਦਰ ਨਵਾਂ ਸ਼ਹਿਰ ਦੀ ਸ਼ਮੂਲੀਅਤ ਸਾਹਮਣੇ ਆਉਣ ਤੇ ਇਹਨਾਂ ਤਿੰਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਗ੍ਰਿਫਤਾਰੀ ਸਮੇਂ ਲਖਵਿੰਦਰ ਕੁਮਾਰ ਉਰਫ ਲੱਖਾ ਪਾਸੋਂ ਇੱਕ ਦੇਸੀ ਪਿਸਤੋਲ 32 ਬੋਰ ਸਮੇਤ ਮੈਗਜ਼ੀਨ ਅਤੇ 3 ਰੋਂਦ ਜਿੰਦਾ ਤੇ ਮੋਹਿਤ ਧੀਰ ਪਾਸੋਂ 3 ਰੋਂਦ ਜਿੰਦਾ 32 ਬੋਰ ਬਰਾਮਦ ਕੀਤੇ ਗਏ। ਹੁਣ ਤੱਕ ਕੁੱਲ 7 ਵਿਅਕਤੀ ਗ੍ਰਿਫਤਾਰ ਕੀਤੇ ਜਾ ਚੁੱਕੇ ਹਨ ਜਦਕਿ ਸੁਖਵਿੰਦਰ ਕੁਮਾਰ ਉਰਫ ਸੁੱਖਾ ਦੀ ਗ੍ਰਿਫਤਾਰੀ ਬਾਕੀ ਹੈ। ਗ੍ਰਿਫਤਾਰ ਕੀਤੇ ਉਕਤ ਦੋਸ਼ੀਆਂ ਨੇ ਸੁਖਵਿੰਦਰ ਕੁਮਾਰ ਉਰਫ ਸੁੱਖਾ ਦਾ ਅਸਲਾ ਆਪਣੇ ਪਾਸ ਰੱਖ ਕੇ ਉਸ ਨੂੰ ਇਕ ਥਾਂ ਤੋਂ ਦੂਜੀ ਥਾਂ ਤੱਕ ਜਾਣ ਲਈ ਟ੍ਰਾਂਸਪੋਰਟ ਦਾ ਪ੍ਰਬੰਧ ਕਰਕੇ ਉਸਦਾ ਸਾਥ ਦਿੱਤਾ ਹੈ। ਮੁਕੱਦਮਾ ਵਿੱਚ ਗ੍ਰਿਫਤਾਰ ਕੀਤੇ ਦੋਸ਼ੀ ਪੁਲਿਸ ਰਿਮਾਂਡ 'ਤੇ ਹਨ ਜਿਨਾਂ ਪਾਸੋਂ ਹੋਰ ਪੁੱਛਗਿੱਛ ਜਾਰੀ ਹੈ। ਤਫਦੀਸ਼ ਦੌਰਾਨ ਜੇਕਰ ਕਿਸੇ ਵਿਅਕਤੀ ਦਾ ਨਾਮ ਸਾਹਮਣੇ ਆਉਂਦਾ ਹੈ ਤਾਂ ਉਸ ਦੇ ਖਿਲਾਫ ਵੀ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਚੋਣ ਪ੍ਰਚਾਰ ਦੇ ਫਲੈਕਸ, ਸਟਰੀਟ ਸਰਕਾਰੀ ਪ੍ਰਾਪਰਟੀ ਤੇ ਲਗਾਕੇ ਚੋਣ ਜ਼ਾਬਤੇ ਦੀਆਂ ਉਡਾਈਆਂ ਧੱਜੀਆਂ









ਖਰੜ,20 ਮਈ (ਕਾਲਾ ਸਿੰਘ ਸੈਣੀ )-ਜਿਵੇਂ-ਜਿਵੇਂ ਲੋਕ ਸਭਾ ਚੋਣਾਂ ਦੀ ਤਰੀਕ ਨੇੜੇ ਆਉਂਦੀ ਜਾ ਰਹੀਆਂ ਹਨ ਚੋਣਾਂ ਦਾ ਪਾਰਾ ਵੀ ਚੜ੍ਹਦਾ ਜਾ ਰਿਹਾ ਹੈ। ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਚੋਣ ਲੜ ਰਹੇ ਉਮੀਦਵਾਰਾਂ ਤੇ ਉਨ੍ਹਾਂ ਦੇ ਸਮਰੱਥਕਾਂ ਵਲੋਂ ਚੋਣ ਪ੍ਰਚਾਰ ਤੇਜ਼ ਕਰਦਿਆਂ ਸਰਕਾਰੀ ਜਾਇਦਾਦਾਂ, ਬਿਜਲੀ ਖੰਭਿਆਂ, ਸਟਰੀਟ ਲਾਈਟਾਂ ਤੇ ਫਲੈਕਸ ਬੋਰਡ, ਬੈਨਰ, ਝੰਡੀਆਂ ਲਗਾ ਕੇ ਵਿਧਾਨ ਸਭਾ ਹਲਕਾ ਖਰੜ ਸ਼ਹਿਰ ਅਤੇ ਪਿੰਡਾਂ ਸਮੇਤ ਹੋਰ ਥਾਵਾਂ ਤੇ ਖੁੱਲੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਉਥੇ ਹਲਕੇ ਵਿਚ ਤਾਇਨਾਤ ਕੀਤੀਆਂ ਟੀਮਾਂ ਦੀ ਵੀ ਇਨ੍ਹਾਂ ਪਾਰਟੀਆਂ ਨੂੰ ਵੀ ਕੋਈ ਪ੍ਰਵਾਹ ਨਹੀ। ਸ਼ਹਿਰ ਖਰੜ ਅੰਦਰ ਬਹੁਤੀਆਂ ਥਾਵਾਂ ਤੇ ਲਗਾਏ ਜਾ ਫਲੈਕਸ ਬੋਰਡ ਨੂੰ ਦੇਖਣ 'ਚ ਆਉਦਾ ਹੈ ਕਿ ਜਿਨ੍ਹਾਂ ਤੇ ਪਬਲਿਸਰ ਦਾ ਨਾਂ ਨਹੀ ਹੈ ਅਤੇ ਨਾ ਹੀ ਗਿਣਤੀ ਲਿਖੀ ਹੈ ਉਹ ਵੀ ਲਗਾਏ ਹੋਏ ਹਨ, ਜਦ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਿਕ ਫਲੈਕਸ ਬੋਰਡ, ਸਟਿੱਕਰ ਸਮੇਤ ਹੋਰ ਚੋਣ ਸੱਮਗਰੀ ਦੀ ਛਪਾਈ ਕਰਵਾ ਕੇ ਉਸ ਨੂੰ ਚੋਣ ਪ੍ਰਚਾਰ ਲਈ ਵਰਤਿਆ ਜਾ ਰਿਹਾ ਹੈ ਉਸ ਤੇ ਪ੍ਰਿੰਟਿੰਗ ਪ੍ਰੈਸ ਦਾ ਨਾਂ ਅਤੇ ਉਸਦੀ ਗਿਣਤੀ ਲਿਖੀ ਹੋਣੀ ਚਾਹੀਦੀ ਹੈ ਪਰ ਖਰੜ ਹਲਕੇ 'ਚ ਇਹ ਸਭ ਕੁਝ ਉਲਟ ਹੋ ਰਿਹਾ ਹੈ। ਸਬੰਧਿਤ ਇਨ੍ਹਾਂ ਪਾਰਟੀਆਂ ਦੇ ਸਮਰੱਥਕਾਂ ਵਲੋਂ ਆਪਣਾ ਚੋਣ ਪ੍ਰਚਾਰ ਕਰਨ ਲਈ ਚੋਣ ਪ੍ਰਚਾਰ ਦੇ ਸਟਿੱਕਰ, ਬੈਨਰ,ਝੰਡੀਆਂ, ਫਲੈਕਸ ਬੋਰਡ ਖੁੱਲੇਆਮ ਲਗਾਏ ਜਾ ਰਹੇ ਹਨ।



publisher/chief Editor
**Aman Mehra**
lok bani (news Paper)
lokbani08@gmail.com
www.lokbani.com
mob:99155-94111

**Head Office:**
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਪ੍ਰਧਾਨ ਮੰਤਰੀ ਮੋਦੀ ਦੀ ਆਮਦ ਨੂੰ ਲੈ ਕੁ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਅਤੇ ਐੱਸ.ਐੱਸ.ਪੀ. ਹਰੀਸ਼ ਦਾਯਮਾ ਵੱਲੋਂ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ




ਗੁਰਦਾਸਪੁਰ-ਨਵਨੀਤ ਕੁਮਾਰ - ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਅਤੇ ਐੱਸ.ਐੱਸ.ਪੀ. ਸ੍ਰੀ ਹਰੀਸ਼ ਦਾਯਮਾ ਵੱਲੋਂ ਅੱਜ ਦੀਨਾਨਗਰ ਦੇ ਬਾਈਪਾਸ ਨੇੜੇ 24 ਮਈ ਨੂੰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਕੀਤੀ ਜਾਣ ਵਾਲੀ ਰੈਲੀ ਦੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੁਭਾਸ਼ ਚੰਦਰ, ਐੱਸ.ਡੀ.ਐੱਮ. ਦੀਨਾਨਗਰ ਸ੍ਰੀ ਗੁਰਦੇਵ ਸਿੰਘ ਧਾਮ ਅਤੇ ਪੁਲਿਸ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ 24 ਮਈ ਨੂੰ ਦੀਨਾਨਗਰ ਦੇ ਨੇੜੇ ਬਾਈਪਾਸ ਕੋਲ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਨ ਆ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਪ੍ਰਧਾਨ ਮੰਤਰੀ ਦੀ ਆਮਦ ਨੂੰ ਮੁੱਖ ਰੱਖਦੇ ਹੋਏ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੇ ਦੌਰੇ ਸਬੰਧੀ ਕੀਤੇ ਜਾਣ ਵਾਲੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਉਨ੍ਹਾਂ ਨੇ ਅੱਜ ਐੱਸ.ਐੱਸ.ਪੀ. ਸ੍ਰੀ ਹਰੀਸ਼ ਦਾਯਮਾ ਅਤੇ ਹੋਰ ਅਧਿਕਾਰੀਆਂ ਨਾਲ ਰੈਲੀ ਵਾਲੀ ਥਾਂ ਦਾ ਦੌਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਸੁਰੱਖਿਆ ਸਬੰਧੀ ਸਾਰੀਆਂ ਹਦਾਇਤਾਂ ਤੇ ਪ੍ਰੋਟੋਕਾਲ ਦੀ ਪਾਲਣਾ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨੇ ਰੈਲੀ ਦੇ ਪ੍ਰਬੰਧਕਾਂ ਨੂੰ ਵੀ.ਵੀ.ਆਈ.ਪੀਜ਼ ਦੀ ਸੁਰੱਖਿਆ ਅਤੇ ਰੈਲੀ ਸਬੰਧੀ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਜਾਣੂ ਕਰਾਉਂਦਿਆਂ ਕਿਹਾ ਕਿ ਉਹ ਤਹਿ ਨਿਯਮਾਂ ਦੀ ਪਾਲਣਾ ਕਰਦੇ ਹੋਏ ਹੀ ਰੈਲੀ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰਨ, ਜਿਸ 'ਤੇ ਪ੍ਰਬੰਧਕਾਂ ਨੇ ਭਰੋਸਾ ਦਿੱਤਾ ਕਿ ਉਹ ਸਾਰੇ ਨਿਯਮਾਂ ਦੀ ਇੰਨ-ਬਿੰਨ ਪਾਲਣਾ ਕਰਨਗੇ। ਇਸ ਮੌਕੇ ਐੱਸ.ਐੱਸ.ਪੀ. ਸ੍ਰੀ ਹਰੀਸ਼ ਦਾਯਮਾ ਨੇ ਵੀ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਪ੍ਰਧਾਨ ਮੰਤਰੀ ਦੀ ਆਮਦ ਸਬੰਧੀ ਸੁਰੱਖਿਆ ਦੇ ਪੁਖ਼ਤਾ ਪ੍ਰਬੰਧਾਂ ਕੀਤੇ ਜਾਣਗੇ।




# ਇੰਟਰਨੈਸ਼ਨਲ ਸ਼ੋਤੋਕਾਏ ਕਰਾਟੇ ਡੂ ਫੈਡਰੇਸ਼ਨ ਵੱਲੋਂ 'ਓਪਨ ਇੰਟਰ ਸਕੂਲ ਕਰਾਟੇ ਡੂ ਚੈਂਪੀਅਨਸ਼ਿਪ - ਕਰਵਾਈ ਗਈ

ਦੀਨਾਨਗਰ 20 ਮਈ (ਡਾ.ਰਮੇਸ਼ ਸਰੰਗਲ ) ਇੰਟਰਨੈਸ਼ਨਲ ਸ਼ੋਤੋਕਾਏ ਕਰਾਟੇ ਡੂ ਫੈਡਰੇਸ਼ਨ ਵਲੋਂ ਓਪਨ ਇੰਟਰ ਸਕੂਲ ਕਰਾਟੇ ਡੂ ਚੈਂਪੀਅਨਸ਼ਿਪ ਕਰਵਾਈ ਗਈ। ਇਸ ਪ੍ਰਤੀਯੋਗਿਤਾ ਦਾ ਆਯੋਜਨ' 'ਨੀਲਕੰਠ ਸਪੋਰਟਸ ਕੰਪਲੈਕਸ, ਪਠਾਨਕੋਟ ਚ ਕਰਵਾਇਆ ਗਿਆ। ਇਸ ਪ੍ਰਤੀਯੋਗਿਤਾ ਦੇ ਲਈ' ਗੁਰੂਕੁਲ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ' ਦੀਨਾਨਗਰ ਦੇ 30 ਵਿਦਿਆਰਥੀ ਚੁਣੇ ਗਏ ਸਨ। ਇਹਨਾਂ ਵਿਚੋਂ 12 ਵਿਦਿਆਰਥੀਆਂ ਨੇ ਸੋਨੇ ਦੇ ਤਮਗੇ, 10 ਵਿਦਿਆਰਥੀਆਂ ਨੇ ਚਾਂਦੀ ਦੇ ਤਮਗੇ ਅਤੇ 8 ਵਿਦਿਆਰਥੀਆਂ ਨੇ ਤਮਗੇ ਜਿੱਤ ਕੇ ਸ਼ਾਨਦਾਰ ਜਿਤ ਹਾਸਲ ਕੀਤੀ। ਇਸ ਪ੍ਰਤੀਯੋਗਿਤਾ ਵਿਚ ਪੰਜਾਬ, ਹਿਮਾਚਲ ਅਤੇ ਜੇ. ਐਂਡ ਕੇ ਦੇ ਕਈ ਸਕੂਲ ਦੇ ਬੱਚਿਆਂ ਨੇ ਭਾਗ ਲਿਆ। ਏਹ ਸਾਰੇ ਸਕੂਲਾਂ ਵਿਚੋਂ ਗੁਰੂਕੁਲ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ, ਦੀਨਾਨਗਰ ਦੇ ਵਿਦਿਆਰਥੀਆਂ ਨੇ ਪ੍ਰਤੀਯੋਗਿਤਾ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਬ ਜੂਨੀਅਰ ਚੈਂਪੀਅਨਸ਼ਿਪ ਦੀ ਟਰਾਫੀ ਤੇ ਵੀ ਕਬਜ਼ਾ ਕਰ ਲਿਆ।ਇਸ ਅਵਸਰ ਤੇ ਪ੍ਰਿੰਸੀਪਲ ਰੇਣੂ ਕਸ਼ਯਪ ਨੇ ਵਿਦਿਆਰਥੀਆਂ ਦੇ ਵਧੀਆ ਪ੍ਰਦਰਸ਼ਨ ਦੀ ਖੂਬ ਸ਼ਲਾਘਾ ਕੀਤੀ। ਉਹਨਾਂ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦਾ ਉਤਸ਼ਾਹ ਵਧਾਉਂਦੇ ਹੋਏ ਕਿਹਾ ਕਿ ਤੰਦਰੁਸਤ ਸ਼ਰੀਰ ਤੋਂ ਹੀ ਸਵਸਥ ਦਿਮਾਗ ਬਣਦਾ ਹੈ।

# ਬਿਜਲੀ ਮੀਟਰ ਲਗਾਉਣ ਬਦਲੇ 12000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਵਿਜੀਲੈਂਸ ਬਿਊਰੋ ਵੱਲੋਂ ਪੀ.ਐਸ.ਪੀ.ਸੀ.ਐਲ ਦਾ ਲਾਈਨਮੈਨ ਤੇ ਸਾਬਕਾ ਸਰਪੰਚ ਗ੍ਰਿਫਤਾਰ




ਚੰਡੀਗੜ੍ਹ, ਲੁਧਿਆਣਾ 20 ਮਈ, 2024 (ਸੁਖਚੈਨ ਮਹਿਰਾ)ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਸੋਮਵਾਰ ਨੂੰ ਪੀ.ਐਸ.ਪੀ.ਸੀ.ਐਲ ਦਫ਼ਤਰ ਖੰਨਾ-2 , ਜ਼ਿਲਾ ਲੁਧਿਆਣਾ ਵਿਖੇ ਤਾਇਨਾਤ ਲਾਈਨਮੈਨ ਮਨਜਿੰਦਰ ਸਿੰਘ ਉਰਫ਼ ਰਾਜੂ ਅਤੇ ਪਿੰਡ ਦੁਲਵਾਂ ਦੇ ਸਾਬਕਾ ਸਰਪੰਚ ਪਰਮਜੀਤ ਸਿੰਘ, ਬਲਾਕ ਖੇੜੀ ਨੌਧ ਸਿੰਘ, ਜਿਲ੍ਹਾ ਫਤਿਹਗੜ੍ਹ ਸਾਹਿਬ ਨੂੰ 12000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਸਹਾਇਕ ਸਬ ਇੰਸਪੈਕਟਰ (ਸੇਵਾਮੁਕਤ) ਬਲਵਿੰਦਰ ਸਿੰਘ ਵਾਸੀ ਗੁਰੂ ਨਾਨਕ ਨਗਰ ਕਲੋਨੀ, ਖੰਨਾ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਦਰਜ ਉੱਪਰ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਸ ਨੇ ਆਪਣੇ ਪਲਾਟ ਲਈ ਬਿਜਲੀ ਦਾ ਨਵਾਂ ਮੀਟਰ ਲਗਾਉਣ ਲਈ ਦਰਖਾਸਤ ਦਿੱਤੀ ਸੀ ਪਰ ਇਲਾਕੇ ਦੇ ਲਾਈਨਮੈਨ ਮਨਜਿੰਦਰ ਸਿੰਘ ਨੇ ਸਾਬਕਾ ਸਰਪੰਚ ਪਰਮਜੀਤ ਸਿੰਘ ਰਾਹੀਂ 15000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਪਰ ਸੌਦਾ 12000 ਰੁਪਏ ਵਿੱਚ ਹੋਇਆ ਹੈ।

ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਇਸ ਕੰਮ ਬਦਲੇ ਮੁਲਜ਼ਮ ਲਾਈਨਮੈਨ 18-04-2024 ਨੂੰ ਪਰਮਜੀਤ ਸਿੰਘ ਦੀ ਹਾਜਰੀ ਵਿਚ 2500 ਰੁਪਏ ਪਹਿਲਾਂ ਹੀ ਲੈ ਚੁੱਕਾ ਹੈ ਅਤੇ ਬਾਕੀ 9500 ਰੁਪਏ ਪਰਮਜੀਤ ਸਿੰਘ ਨੂੰ ਉਸਦੇ ਦਫਤਰ ਖੰਨਾ ਵਿਖੇ 19.04.24 ਨੂੰ ਦੇ ਦਿੱਤੇ ਹਨ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਕਰਦਿਆਂ ਉਨ੍ਹਾਂ ਦੀ ਕਾਲ ਰਿਕਾਰਡਿੰਗ ਵੀ ਕਰ ਲਈ ਅਤੇ ਉਕਤ ਸ਼ਿਕਾਇਤ ਦਰਜ ਕਰਵਾ ਦਿੱਤੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਰਿਸ਼ਵਤ ਲੈਣ ਬਾਰੇ ਤੱਥ ਸਹੀ ਪਾਏ ਗਏ ਜਿਸ ਕਰਕੇ ਮੁਲਜ਼ਮ ਮਨਜਿੰਦਰ ਸਿੰਘ ਲਾਈਨਮੈਨ ਅਤੇ ਪਰਮਜੀਤ ਸਿੰਘ ਸਾਬਕਾ ਸਰਪੰਚ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 7-ਏ ਅਤੇ ਆਈ.ਪੀ.ਸੀ. ਦੀ ਧਾਰਾ 120 ਬੀ ਤਹਿਤ ਐਫਆਈਆਰ ਨੰਬਰ 21 ਮਿਤੀ 20.05.24 ਨੂੰ ਵਿਜੀਲੈਂਸ ਥਾਣਾ ਲੁਧਿਆਣਾ ਰੇਂਜ ਵਿਖੇ ਦਰਜ ਕੀਤੀ ਗਈ ਹੈ।

ਉਕਤ ਦੋਵੇਂ ਮੁਲਜ਼ਮਾਂ ਨੂੰ ਕਾਬੂ ਕਰਕੇ 12000 ਰੁਪਏ ਦੀ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਦੌਰਾਨ ਸਬੰਧਤ ਇਲਾਕੇ ਦੇ ਜੂਨੀਅਰ ਇੰਜੀਨੀਅਰ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਦੋਵਾਂ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

## ਜਨਰਲ ਅਬਜ਼ਰਵਰ ਤੇ ਡਿਪਟੀ ਕਮਿਸ਼ਨਰ ਦੀ ਹਾਜ਼ਰੀ ਵਿੱਚ ਮਾਈਕਰੋ ਅਬਜ਼ਰਵਾਂ ਦੀ ਰੈਂਡੇਮਾਈਜੇਸ਼ਨ ਹੋਈ




ਗੁਰਦਾਸਪੁਰ-ਨਵਨੀਤ ਕੁਮਾਰ - ਭਾਰਤ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਹਲਕਾ 01-ਗੁਰਦਾਸਪੁਰ ਲਈ ਨਿਯੁਕਤ ਕੀਤੇ ਜਨਰਲ ਅਬਜ਼ਰਵਰ ਸ੍ਰੀ ਕੇ. ਮਹੇਸ਼ ਆਈ.ਏ.ਐੱਸ. ਅਤੇ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਆਈ.ਏ.ਐੱਸ. ਦੀ ਹਾਜ਼ਰੀ ਵਿੱਚ ਅੱਜ ਲੋਕ ਸਭਾ ਚੋਣਾਂ ਦੌਰਾਨ ਪੋਲਿੰਗ ਸਟੇਸ਼ਨਾਂ ਉੱਪਰ ਤਾਇਨਾਤ ਕੀਤੇ ਜਾਣ ਵਾਲੇ ਮਾਈਕਰੋ ਅਬਜ਼ਰਵਰ ਦੀ ਪਹਿਲੀ ਰੈਂਡੇਮਾਈਜੇਸ਼ਨ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਅੱਜ ਮਾਣਯੋਗ ਜਨਰਲ ਅਬਜ਼ਰਵਰ ਸ੍ਰੀ ਕੇ. ਮਹੇਸ਼ ਦੀ ਹਾਜ਼ਰੀ ਵਿੱਚ 254 ਮਾਈਕਰੋ ਅਬਜ਼ਰਵਰਾਂ ਦੀ ਪਹਿਲੀ ਰੈਂਡੇਮਾਈਜੇਸ਼ਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਾਈਕਰੋ ਅਬਜ਼ਰਵਰ ਚੋਣ ਕਮਿਸ਼ਨ ਦੀਆਂ ਅੱਖਾਂ ਤੇ ਕੰਨ ਹਨ ਜੋ ਚੋਣਾਂ ਦੌਰਾਨ ਪੋਲਿੰਗ ਸਟੇਸ਼ਨਾਂ ਦੀ ਸਮੁੱਚੀ ਪ੍ਰਕਿਰਿਆ 'ਤੇ ਨਿਗਰਾਨੀ ਰੱਖਣਗੇ ਅਤੇ ਇਹ ਯਕੀਨੀ ਬਣਾਉਣਗੇ ਕਿ ਚੋਣਾਂ ਦੀ ਸਮੁੱਚੀ ਪ੍ਰਕਿਰਿਆ ਪਾਰਦਰਸ਼ੀ ਤੇ ਨਿਰਪੱਖ ਢੰਗ ਨਾਲ ਨੇਪਰੇ ਚੜ੍ਹਾਈ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਮਾਈਕਰੋ ਅਬਜ਼ਰਵਰ ਨੂੰ ਕਿਸੇ ਪੋਲਿੰਗ ਸਟੇਸ਼ਨ 'ਤੇ ਚੋਣ ਪ੍ਰਕਿਰਿਆ ਦੌਰਾਨ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਉਲੰਘਣਾ ਨਜ਼ਰ ਆਉਂਦੀ ਹੈ ਤਾਂ ਉਹ ਸਿੱਧੇ ਤੌਰ 'ਤੇ ਤੁਰੰਤ ਜਨਰਲ ਅਬਜ਼ਰਵਰ ਨੂੰ ਸੂਚਿਤ ਕਰਨਗੇ। ਉਨ੍ਹਾਂ ਕਿਹਾ ਕਿ ਚੋਣ ਪ੍ਰੀਕਿਆ ਵਿੱਚ ਮਾਈਕਰੋ ਅਬਜ਼ਰਵਰਾਂ ਦਾ ਬਹੁਤ ਅਹਿਮ ਰੋਲ ਹੁੰਦਾ ਹੈ ਅਤੇ ਸਾਰੇ ਹੀ ਮਾਈਕਰੋ ਅਬਜ਼ਰਵਰ ਆਪਣੀ ਇਸ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ। ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ, ਜ਼ਿਲ੍ਹਾ ਸੂਚਨਾ ਅਫ਼ਸਰ ਸ੍ਰੀ ਸੋਨੀ, ਤਹਿਸੀਲਦਾਰ ਚੋਣਾਂ ਸ. ਮਨਜਿੰਦਰ ਸਿੰਘ ਬਾਜਵਾ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਜ਼ਿਲ੍ਹਾ ਚੋਣ ਅਧਿਕਾਰੀ ਵਿਸ਼ੇਸ਼ ਸਾਰੰਗਲ ਤੇ ਐੱਸ.ਐੱਸ.ਪੀ. ਹਰੀਸ਼ ਦਾਯਮਾ ਵੱਲੋਂ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਈ.ਵੀ.ਐੱਮ. ਮਸ਼ੀਨਾਂ ਦੇ ਸਟਰਾਂਗ ਰੂਮ ਦਾ ਨਿਰੀਖਣ




ਗੁਰਦਾਸਪੁਰ-ਨਵਨੀਤ ਕੁਮਾਰ - ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਵੱਲੋਂ ਅੱਜ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਵਿਖੇ ਵਿਧਾਨ ਸਭਾ ਹਲਕਾ ਦੀਨਾਨਗਰ ਦੀਆਂ ਈ.ਵੀ.ਐੱਮ. ਮਸ਼ੀਨਾਂ ਦੇ ਸਟਰਾਂਗ ਰੂਮ ਦੀ ਸੁਰੱਖਿਆ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਹਰੀਸ਼ ਦਾਯਮਾ, ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ, ਐੱਸ.ਡੀ.ਐੱਮ.-ਕਮ-ਏ.ਆਰ.ਓ. ਦੀਨਾਨਗਰ ਸ੍ਰੀ ਗੁਰਦੇਵ ਸਿੰਘ ਧਾਮ ਵੀ ਮੌਜੂਦ ਸਨ। ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਵਿਖੇ ਬਣਾਏ ਗਏ ਸਟਰਾਂਗ ਰੂਮ ਦਾ ਨਿਰੀਖਣ ਕਰਨ ਉਪਰੰਤ ਕੀਤੇ ਗਏ ਸੁਰੱਖਿਆ ਪ੍ਰਬੰਧਾਂ 'ਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਮਾਣਯੋਗ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਸਟਰਾਂਗ ਰੂਮ ਵਿੱਚ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਜਿੱਥੇ 24 ਘੰਟੇ ਕੇਂਦਰੀ ਹਥਿਆਰਬੰਦ ਪੁਲਿਸ ਬਲ (ਸੀਏਪੀਐੱਫ), ਹਥਿਆਰਬੰਦ ਪੁਲਿਸ ਅਤੇ ਪੰਜਾਬ ਪੁਲਿਸ ਤਾਇਨਾਤੀ ਦੇ ਨਾਲ ਤਿੰਨ ਪੱਧਰੀ ਸੁਰੱਖਿਆ ਉਪਾਅ ਸਥਾਪਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਸੁਰੱਖਿਆ ਬਲ 24 ਘੰਟੇ ਸਟਰਾਂਗ ਰੂਮਾਂ ਦੀ ਸਖ਼ਤ ਨਿਗਰਾਨੀ ਕਰ ਰਹੇ ਹਨ। ਇਸ ਤੋਂ ਇਲਾਵਾ ਹਰੇਕ ਸਟਰਾਂਗ ਰੂਮਾਂ ਦੀ ਨਿਗਰਾਨੀ ਲਈ ਸੀ.ਸੀ.ਟੀਵੀ ਕੈਮਰੇ ਵੀ ਲਗਾਏ ਗਏ ਹਨ। ਜ਼ਿਲ੍ਹਾ ਚੋਣ ਅਧਿਕਾਰੀ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕ ਸਭਾ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ 1 ਜੂਨ ਨੂੰ ਲੋਕ ਸਭਾ ਚੋਣਾਂ ਪੂਰੀ ਤਰਾਂ ਆਜ਼ਾਦਾਨਾ, ਨਿਰਪੱਖ ਅਤੇ ਸ਼ਾਂਤਮਈ ਮਹੌਲ ਵਿੱਚ ਕਰਵਾਈਆਂ ਜਾਣਗੀਆਂ।

# ਸਿਵਾਲਿਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗ੍ਰੀਨ ਇਲੈਕਸ਼ਨ ਅਧੀਨ ਕਾਉਂਟਿੰਗ ਸਟਾਫ ਨੂੰ ਕੀਤਾ ਜਾਗਰੂਕ




ਸਹੀਦ ਭਗਤ ਸਿੰਘ ਨਗਰ ਲੋਕ ਬਾਣੀ ਡਿਪਟੀ ਕਮਿਸ਼ਨਰ ਕਮ ਜਿਲ੍ਹਾ ਚੋਣ ਅਫਸਰ ਨਵਜੋਤ ਪਾਲ ਸਿੰਘ ਰੰਧਾਵਾ ਦੇ ਹੁਕਮਾਂ ਅਤੇ ਉੱਪ ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਡਾਕਟਰ ਅਕਸਿਤਾ ਗੁਪਤਾ ਆਈ.ਏ.ਐਸ ਜੀ ਦੀਆ ਹਦਾਇਤਾ ਅਨੁਸਾਰ ਸਵੀਪ ਨੋਡਲ ਅਫਸਰ ਤਰਸੇਮ ਲਾਲ ਵਲੋ ਗਰੀਨ ਇਲੈਕਸ਼ਨ ਤਹਿਤ ਪਰਣ ਦਿਵਾਇਆ ਗਿਆ ਜਿਸ ਵਿੱਚ "ਅਸੀ ਲੋਕ ਸਭਾ ਹਲਕਾ ਅਨੰਦਪੁਰ ਸਾਹਿਬ ਦੇ ਵਾਸੀ ਇਸ ਵਾਰ ਲੋਕ ਸਭਾ ਚੋਣਾ 2024 ਦੇ ਪਰਵ ਤੇ ਪਰਣ ਕਰਦੇ ਹਾ ਕਿ ਅਸੀ ਪ੍ਰਦੂਸ਼ਣ ਮੁਕਤ ਭਾਰਤ ਦੇ ਨਿਰਮਾਣ ਵਿੱਚ ਆਪਣਾ ਪੂਰਨ ਸਹਿਯੋਗ ਦੇਵਾਂਗੇ ਜਿਸ ਲਈ ਅਸੀ ਘੱਟ ਤੋ ਘੱਟ ਪਲਾਸਟਿਕ ਦੀ ਵਰਤੋ ਕਰਨਾ ਯਕੀਨੀ ਬਣਾਵਾਂਗੇ ।ਅਸੀ ਚੋਣਾ ਦੇ ਇਸ ਪਵਿੱਤਰ ਦਿਹਾੜੇ ਤੇ ਅਸੀ ਪਰਣ ਕਰਦੇ ਹਾ ਕਿ ਇੱਕ ਰੁੱਖ ਲਗਾਵਾਗੇ ਅਤੇ ਯਕੀਨੀ ਤੌਰ ਉੱਤੇ ਉਸ ਦੀ ਸਾਂਭ -ਸੰਭਾਲ ਕਰਾਗੇ । ਸਾਡਾ ਮਿਸ਼ਨ ਇਸ ਵਾਰੀ ਗਰੀਨ ਇਲੈਕਸ਼ਨ ਨੂੰ ਇਤਿਹਾਸਕ ਬਣਾਵਾਂਗੇ। ਇਸਦੇ ਨਾਲ ਹੀ ਉਹਨਾ ਨੇ ਸਮੂਹ ਹਾਜ਼ਰ ਸਟਾਫ ਨੂੰ ਲੋਕ ਸਭਾ ਚੋਣਾਂ 2024 ਸੰਬੰਧੀ ਭਾਰਤ ਚੋਣ ਕਮਿਸ਼ਨ ਦੇ ਨਾਅਰੇ ਇਸ ਬਾਰ 70 ਪਾਰ ਦੇ ਮਿਸ਼ਨ ਸੰਬੰਧੀ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਇਸ ਬਾਰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਪਝੱਤਰ ਫੀਸਦੀ ਵੋਟਰ ਟਰਨਆਊਟ ਤੋਂ ਉਪੱਰ ਲੈ ਕੇ ਜਾਣਾ ਹੈ।ਇਸ ਮੌਕੇ ਉਨ੍ਹਾਂ ਹਾਜ਼ਰ ਸਟਾਫ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੋਕ ਸਭਾ ਚੋਣਾ - 2024 ਨੂੰ ਸਾਡਾ ਮਿਸ਼ਨ-ਗ੍ਰੀਨ ਇਲੈਕਸ਼ਨ ਵਜੋਂ ਮਨਾਇਆ ਜਾ ਰਿਹਾ ਹੈ ਜਿਸ ਤਹਿਤ ਉਨ੍ਹਾਂ ਕਾਉਟਿੰਗ ਸਟਾਫ ਨੂੰ ਕਿਹਾ ਕਿ ਉਹ ਆਪਣੇ ਪਰਵਾਰਕ ਮੈਂਬਰਾਂ, ਆਂਢ-ਗੁਆਂਢ, ਰਿਸ਼ਤੇਦਾਰਾਂ ਅਤੇ ਗਲ਼ੀ-ਮੁਹੱਲੇ ਦੇ ਵੋਟਰਾਂ ਨੂੰ ਜਾਗਰੂਕ ਕਰਨ ਕਿ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਪਹਿਲੀ ਜੂਨ ਨੂੰ ਲੋਕਤੰਤਰ ਦੇ ਮਹਾਂਉਤਸਵ ਮੌਕੇ ਉਹ ਵੋਟ ਪਾਉਣ ਤੋਂ ਪਹਿਲਾਂ ਜਾਂ ਬਾਅਦ ਇੱਕ-ਇੱਕ ਪੌਦਾ ਲਗਾਉਣ ਲਈ ਪ੍ਰੇਰਿਤ ਕਰਨ ਅਤੇ ਉਹ ਖੁਦ ਵੀ ਇੱਕ-ਇੱਕ ਪੌਦਾ ਜਰੂਰ ਲਗਾਉਣ ।ਇਸ ਇਲੈਕਸ਼ਨ ਦੌਰਾਨ ਪਲਾਸਟਿਕ ਜਾਂ ਪਲਾਸਟਿਕ ਤੋਂ ਬਣੇ ਪਦਾਰਥਾਂ ਦੀ ਵਰਤੋਂ ਨੂੰ ਵੀ ਘੱਟ ਤੋਂ ਘੱਟ ਕਰਨਾ , ਕਣਕ ਜਾਂ ਪਰਾਲ਼ੀ ਦੇ ਨਾੜ ਨੂੰ ਅੱਗ ਲਾਉਣਾ ਬੰਦ ਕਰਨਾ, ਹਵਾ ਪਾਣੀ ਮਿੱਟੀ, ਦੀ ਸੰਭਾਲ਼ ਕਰਨਾ ਅਤੇ ਓਰਗੈਨਿਕ ਅਤੇ ਜੈਵਿਕ ਖਾਦਾਂ ਨੂੰ ਵਰਤੋਂ ਵਿੱਚ ਲਿਆਉਣ ਨੂੰ ਯਕੀਨੀ ਬਣਾਉਣ ਲਈ ਵੀ ਵਿਚਾਰ ਚਰਚਾ ਕੀਤੀ ਗਈ।ਇਲੈਕਸ਼ਨ 2024 ਦਾ ਮੁੱਖ ਸਲੋਗਨ ਸਾਡੀ ਵੋਟ ਹਰੀ ਭਰੀ ਵੋਟ ਰੱਖਿਆ ਗਿਆ ਹੈ ਜਿਸ ਬਾਰੇ ਸਮੂਹ ਸਟਾਫ ਨੂੰ ਜਾਣੂੰ ਕਰਵਾਇਆ ਗਿਆ। ਇਸ ਮੌਕੇ ਰਣਜੀਤ ਸਿੰਘ,, ਡਾ .ਸੁਰਿੰਦਰ ਪਾਲ ਅਗਨੀਹੋਤਰੀ ਮਾਸਟਰ ਟਰੇਨਰ, ਸ਼ਾਮ ਲਾਲ ਜੀ ਜਤਿੰਦਰ ਕੁਮਾਰ, ਡਾ.ਜਸਵਿੰਦਰ ਸਿੰਘ ਸੰਧੂ ਮਾਸਟਰ ਟਰੇਨਰ, ਜੋਗਿੰਦਰ ਕੁਮਾਰ, ਅਮਿਰਤ ਪਾਲ ਪਟਵਾਰੀ ਤੇ ਹਾਜਰ ਸਮੂਹ ਸਟਾਫ ਵਲੋ ਸੰਪੂਰਨ ਸਹਿਜੋਗ ਸਨ।

# ਪੰਛੀਆਂ ਨੂੰ ਗਰਮੀ ਦੀ ਤਪਸ ਤੋਂ ਬਚਾਉਣ ਲਈ ਪਾਣੀ ਅਤੇ ਆਲਨਿਆਂ ਦਾ ਪ੍ਰਬੰਧ ਕਰਨਾ ਬੇਹੱਦ ਜਰੂਰੀ:ਬਾਬਾ ਪੂਰਨ ਦਾਸ

ਸ਼ੇਰਪੁਰ ਲੋਕ ਬਾਣੀ ( ਸੱਤਪਾਲ ਸਿੰਘ ਕਾਲਾਬੂਲਾ) ਮਈ ਦੇ ਮਹੀਨੇ ਵਿੱਚ ਪੈ ਰਹੀ ਬੇਹਿਸਾਬ ਗਰਮੀ ਅਤੇ ਤਪਸ ਨੇ ਜਨ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਕੇ ਰੱਖਿਆ ਹੋਇਆ ਹੈ। ਜਿਆਦਾ ਤਪਸ ਪੈਣ ਕਾਰਨ ਹੁਣ ਆਮ ਮਨੁੱਖ ਘਰੋਂ ਨਿਕਲਣ ਤੋਂ ਵੀ ਕੰਨੀ ਕਤਰਾ ਰਿਹਾ ਹੈ। ਮੌਸਮ ਵਿਭਾਗ ਨੇ ਵੀ ਅਲਰਟ ਜਾਰੀ ਕਰਕੇ ਮਨੁੱਖ ਨੂੰ ਘਰੋਂ ਨਿਕਲਣ ਤੋਂ ਵਰਜਿਤ ਕੀਤਾ। ਜੇਕਰ ਅਜਿਹੀ ਤਪਸ ਵਿੱਚ ਮਨੁੱਖ ਦਾ ਇਹ ਹਾਲ ਹੈ ਤਾਂ ਛੋਟੇ ਪੰਛੀਆਂ ਦਾ ਭਲਾ ਕੀ ਹਾਲ ਹੋਵੇਗਾ? ਬਾਬਾ ਪੂਰਨ ਦਾਸ ਫਤਿਹਗੜ੍ਹ ਪੰਜ ਗਰਾਈਆਂ ਨੇ ਕਿਹਾ ਹੈ ਕਿ ਸਾਨੂੰ ਛੋਟੇ ਪੰਛੀਆਂ ਨੂੰ ਗਰਮੀ ਅਤੇ ਤਪਸ ਤੋਂ ਬਚਾਉਣ ਲਈ ਪਾਣੀ ਦਾ ਪ੍ਰਬੰਧ ਕਰਨਾ ਚਾਹੀਦਾ ਹੈ ਉਥੇ ਉਨਾਂ ਲਈ ਆਲਣੇ ਬਣਾ ਕੇ ਰੱਖਣੇ ਵੀ ਬੇਹਦ ਜਰੂਰੀ ਹਨ। ਉਨਾਂ ਬੀਤੇ ਦਿਨੀ ਸੂਬੇ ਅੰਦਰ ਦਰਖਤਾਂ ਨੂੰ ਅੱਗ ਦੀ ਭੇਟ ਚਾੜਨ ਦੀਆਂ ਖਬਰਾਂ ਉੱਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਅੱਜ ਮਨੁੱਖ ਆਪਣੇ ਛੋਟੇ ਛੋਟੇ ਲਾਲਚਾਂ ਪਿੱਛੇ ਸਾਡੀ ਜ਼ਿੰਦਗੀ ਬਚਾਉਣ ਵਾਲੇ ਹਰੇ ਭਰੇ ਰੁੱਖਾਂ ਨੂੰ ਸਾੜਨ ਵਿੱਚ ਲੱਗਾ ਹੋਇਆ ਹੈ ਕਿਉਂਕਿ ਰੁੱਖ ਸਾਨੂੰ ਸ਼ਾਹ ਹੀ ਨਹੀਂ ਸਗੋਂ ਛਾਂ ਵੀ ਦਿੰਦੇ ਹਨ। ਅੱਗ ਦੀ ਭੇਟ ਸਾੜੇ ਇਨਾ ਰੁੱਖਾਂ ਵਿੱਚ ਅਨੇਕਾਂ ਜੀਵ ਜੰਤੂ ਅਤੇ ਜਾਨਵਰ ਵੀ ਸੱਲੀਆਂ ਵਾਂਗ ਭੁੰਨੇ ਗਏ ਹਨ। ਜੋ ਬਹੁਤ ਹੀ ਦੁਖਦਾਈ ਗੱਲ ਹੈ। ਉਹਨਾਂ ਕਿਹਾ ਹੈ ਕਿ ਲਗਾਤਾਰ ਦਰੱਖਤਾਂ ਦੀ ਵਧ ਰਹੀ ਕਮੀ ਕਾਰਨ ਹੀ ਹਰ ਸਾਲ ਤਪਸ ਦਿਨੋ ਦਿਨ ਵਧਦੀ ਜਾ ਰਹੀ ਹੈ। ਜਿਸ ਨਾਲ ਹਜ਼ਾਰਾਂ ਹੀ ਮਨੁੱਖ ਹਰ ਸਾਲ ਬਿਮਾਰੀ ਵੱਲ ਵੱਧਦੇ ਹਨ। ਇਸ ਲਈ ਸਾਨੂੰ ਰੁੱਖਾਂ ਨੂੰ ਕੱਟਣ ਅਤੇ ਸਾੜਨ ਦੀ ਬਜਾਏ ਉਨਾਂ ਦੀ ਦੇਖਭਾਲ ਕਰਨੀ ਚਾਹੀਦੀ ਹੈ ਫੇਰ ਹੀ ਅਸੀਂ ਸਾਫ ਅਤੇ ਸ਼ੁੱਧ ਹਵਾ ਲੈ ਕੇ ਆਪਣੀ ਜ਼ਿੰਦਗੀ ਨੂੰ ਬਚਾ ਸਕਦੇ ਹਾਂ।




# ਰਾਮਲੱਲਾ ਦੇ ਦਰਸ਼ਨਾਂ ਲਈ ਗਏ ਬੱਚੇ ਹੋਏ ਲਾਪਤਾ, ਨਦੀ ਕੰਢਿਓਂ ਮਿਲੇ ਕੱਪੜੇ ਦੇਖ ਮਾਂ ਦਾ ਰੋ-ਰੋ ਹੋਇਆ ਬੁਰਾ ਹਾਲ



ਪਟਿਆਲਾ ਪਟਿਆਲਾ ਦੀ ਤੇਜਬਾਗ ਕਾਲੋਨੀ ਤੋਂ ਇਕ ਹੈਰਾਨ ਕਰਨ ਵਾਲੀ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੇ ਰਹਿਣ ਵਾਲੇ 2 ਬੱਚੇ ਭੇਤਭਰੀ ਹਾਲਤ 'ਚ ਲਾਪਤਾ ਹੋ ਗਏ ਹਨ। ਜਾਣਕਾਰੀ ਮੁਤਾਬਕ ਇਹ ਬੱਚੇ ਸੰਗਤਾਂ ਨਾਲ ਇਕ ਬੱਸ 'ਚ ਸਵਾਰ ਹੋ ਕੇ ਸ਼੍ਰੀ ਰਾਮ ਲੱਲਾ ਦੇ ਦਰਸ਼ਨਾਂ ਲਈ ਅਯੁੱਧਿਆ ਗਏ ਹੋਏ ਸਨ, ਜਿਸ ਤੋਂ ਬਾਅਦ ਉਹ ਅਚਾਨਕ ਲਾਪਤਾ ਹੋ ਗਏ ਹਨ। ਗੁੰਮਸ਼ੁਦਾ ਬੱਚੇ ਤੇਜਬਾਗ ਕਾਲੋਨੀ ਦੇ ਰਹਿਣ ਵਾਲੇ ਕਾਰਤਿਕ ਅਤੇ ਪ੍ਰਿੰਸ ਹਨ, ਜਿਨ੍ਹਾਂ ਦੇ ਲਾਪਤਾ ਹੋਣ 'ਤੇ ਪਰਿਵਾਰ ਵਾਲਿਆਂ ਦਾ ਰੋ-ਰੋ ਦੇ ਬੁਰਾ ਹਾਲ ਹੋ ਗਿਆ ਹੈ। ਜ਼ਿਕਰਯੋਗ ਹੈ ਕਿ ਸ਼ਹਿਰ ਦੀ ਤੇਜਬਾਗ ਕਾਲੋਨੀ ਤੋਂ 17 ਮਈ ਨੂੰ ਸ਼੍ਰੀ ਅਯੁੱਧਿਆ ਧਾਮ ਵਿਖੇ ਸ਼੍ਰੀ ਰਾਮ ਲੱਲਾ ਜੀ ਦੇ ਦਰਸ਼ਨਾਂ ਲਈ ਇਕ ਬੱਸ ਗਈ ਸੀ। ਇਸ ਬੱਸ 'ਚ ਸੰਗਤਾਂ ਨਾਲ ਪ੍ਰਿੰਸ ਅਤੇ ਕਾਰਤਿਕ ਵੀ ਸ਼ਾਮਲ ਸਨ ਤੇ 18 ਮਈ ਨੂੰ ਬੱਚੇ ਲਾਪਤਾ ਹੋ ਗਏ। ਇਸ ਤੋਂ ਬਾਅਦ ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਪਰਿਵਾਰ ਵਾਲਿਆਂ ਨੂੰ ਦੋਵਾਂ ਬੱਚਿਆਂ ਦੇ ਕੱਪੜੇ ਨਦੀ ਦੇ ਕਿਨਾਰੇ ਤੋਂ ਮਿਲੇ ਹਨ। ਇਸ ਘਟਨਾ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੂੰ ਇਸ ਗੱਲ ਦੀ ਚਿੰਤਾ ਹੈ ਕਿ ਆਖਿਰ ਬੱਚੇ ਕਿੱਧਰ ਗਏ ? ਕਿਤੇ ਉਨ੍ਹਾਂ ਨਾਲ ਕੋਈ ਹਾਦਸਾ ਨਾ ਵਾਪਰ ਗਿਆ ਹੋਵੇ। ਪਰਿਵਾਰ ਵਾਲਿਆਂ ਵੱਲੋਂ ਬੱਚਿਆਂ ਦੀ ਭਾਲ ਕੀਤੀ ਜਾ ਰਹੀ ਹੈ ਤੇ ਉਨ੍ਹਾਂ ਵੱਲੋਂ ਪ੍ਰਸ਼ਾਸਨ ਅੱਗੇ ਵੀ ਬੱਚਿਆਂ ਦਾ ਪਤਾ ਲਗਾਉਣ ਦੀ ਗੁਹਾਰ ਲਗਾਈ ਜਾ ਰਹੀ ਹੈ।

# ਸਰਕਾਰੀ ਕੰਨਿਆ ਸੈਕੰਡਰੀ ਸਕੂਲ ਰਾਹੋਂ ਵਿਖੇ ਕੈਰੀਅਰ ਟਾਕ ਆਯੋਜਿਤ, ਕੈਰੀਅਰ ਟਾਕ ਵਿੱਚ 86 ਵਿਦਿਆਰਥੀਆਂ ਨੇ ਲਿਆ ਭਾਗ

ਨਵਾਂਸ਼ਹਿਰ, 20 ਮਈ (ਜਤਿੰਦਰ ਪਾਲ ਸਿੰਘ ਕਲੇਰ )- ਡਿਪਟੀ ਕਮਿਸ਼ਨਰ ਸ਼੍ਰੀ ਨਵਜੋਤ ਪਾਲ ਸਿੰਘ ਰੰਧਾਵਾ, ਆਈ.ਏ.ਐਸ, ਸ਼ਹੀਦ ਭਗਤ ਸਿੰਘ ਨਗਰ ਦੀ ਯੋਗ ਅਗਵਾਈ ਤਹਿਤ ਜਿਲ੍ਹਾ ਬਿਊਰੋ—ਕਮ—ਮਾਡਲ ਕੈਰੀਅਰ ਸੈਂਟਰ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਸਰਕਾਰੀ ਕੰਨਿਆ ਸੈਕੰਡਰੀ ਸਕੂਲ ਰਾਹੋਂ ਵਿਖੇ ਇੱਕ ਕੈਰੀਅਰ ਟਾਕ ਦਾ ਆਯੋਜਨ ਕੀਤਾ ਗਿਆ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਜਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਸੰਜੀਵ ਕੁਮਾਰ ਵੱਲੋਂ ਦੱਸਿਆ ਗਿਆ ਕਿ ਇਸ ਕੈਰੀਅਰ ਟਾਕ ਵਿੱਚ ਯੰਗ ਪ੍ਰੋਫੈਸ਼ਨਲ ਸ਼੍ਰੀਮਤੀ ਹਿਨਾ ਭਾਟੀਆ ਨੇ ਵਿਦਿਆਰਥੀਆਂ ਨੂੰ ਮਾਡਲ ਕੈਰੀਅਰ ਸੈਂਟਰ ਦੁਆਰਾ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਅਤੇ ਨੈਸ਼ਨਲ ਕੈਰੀਅਰ ਪੋਰਟਲ ਰਾਹੀਂ ਪ੍ਰਦਾਨ ਕੀਤੀਆ ਜਾ ਰਹੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਗਈ।




ਡਾ. ਜਸਵੀਰ ਸਿੰਘ ਕੈਰੀਅਰ ਕਾਊਂਸਲਰ ਵੱਲੋਂ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ। ਵਿਦਿਆਰਥੀਆਂ ਨੂੰ ਰੋਜ਼ਗਾਰ ਦਫ਼ਤਰ ਵਿੱਚ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਅਤੇ ਦਸਵੀਂ/ਬਾਰ੍ਹਵੀਂ ਤੋਂ ਬਾਅਦ ਰੋਜ਼ਗਾਰ ਦੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਨਾਲ ਹੀ ਰੋਜ਼ਗਾਰ ਪੋਰਟਲ ਤੇ ਰਜਿਸਟ੍ਰੇਸ਼ਨ ਸਬੰਧੀ ਦੱਸਿਆ ਗਿਆ। ਅਧਿਕਾਰੀ ਵੱਲੋਂ ਸਾਈਕੋਮੀਟ੍ਰਿਕ ਟੈਸਟ ਦੀ ਮਹੱਤਤਾ ਬਾਰੇ ਵੀ ਦੱਸਿਆ ਗਿਆ ਜਿਸ ਰਾਹੀਂ ਵਿਦਿਆਰਥੀ ਆਪਣੀ ਰੁਚੀ ਅਨੁਸਾਰ ਕੈਰੀਅਰ ਦੀ ਚੋਣ ਕਰ ਸਕਦੇ ਹਨ।

ਸ਼੍ਰੀ ਰਾਕੇਸ਼ ਕੁਮਾਰ ਗਾਈਡੈਂਸ ਕਾਊਂਸਲਰ ਵੱਲੋਂ ਵਿਦਿਆਰਥੀਆਂ ਨੂੰ 10ਵੀਂ, ਬਾਰ੍ਹਵੀਂ ਤੋਂ ਬਾਅਦ ਕੋਰਸਾਂ ਅਤੇ ਸੰਸਥਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਕੈਰੀਆਰ ਟਾਕ ਵਿੱਚ ਲਗਭਗ 86 ਵਿਦਿਆਰਥੀਆਂ ਨੇ ਭਾਗ ਲਿਆ। ਜਿਲ੍ਹਾ ਰੋਜ਼ਗਾਰ ਬਿਊਰੋ ਵਲੋਂ ਕੀਤੀ ਗਈ ਇਸ ਗਤੀਵਿਧੀ ਦੀ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਸ਼੍ਰੀ ਬਲਜਿੰਦਰ ਸਿੰਘ ਵਲੋਂ ਸ਼ਲਾਘਾ ਕੀਤੀ ਅਤੇ ਬਿਊਰੋ ਦੀ ਟੀਮ ਦਾ ਧੰਨਵਾਦ ਕਰਦੇ ਹੋਏ ਭਵਿੱਖ ਵਿੱਚ ਵੀ ਇਹੋ ਜਿਹੇ ਕੈਰੀਅਰ ਜਾਗੂਰਕਤਾ ਪ੍ਰੋਗਰਾਮ ਕਰਵਾਉਣ ਲਈ ਕਿਹਾ ਗਿਆ।



# ਜੈਸ਼ੰਕਰ ਨੇ ਰਈਸੀ ਦੇ ਦਿਹਾਂਤ ‘ਤੇ ਕਿਹਾ- ਦੁੱਖ ਦੀ ਇਸ ਘੜੀ ‘ਚ ਈਰਾਨ ਦੀ ਜਨਤਾ ਨਾਲ ਖੜ੍ਹਾ ਹੈ ਭਾਰਤ





ਨਵੀਂ ਦਿੱਲੀ- ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਹੈਲੀਕਾਪਟਰ ਹਾਦਸੇ ‘ਚ ਈਰਾਨ ਦੇ ਰਾਸ਼ਟਰਪਤੀ ਇਬਰਾਹਿਮ ਰਈਸੀ ਅਤੇ ਵਿਦੇਸ਼ ਮੰਤਰੀ ਹੁਸੈਨ-ਅਮੀਰ-ਅਬਦੁਲਾਹੀਅਨ ਦੀ ਮੌਤ ‘ਤੇ ਦੁੱਖ ਪ੍ਰਗਟ ਕੀਤਾ। ਜੈਸ਼ੰਕਰ ਨੇ ਕਿਹਾ ਕਿ ਭਾਰਤ ਇਸ ਦੁੱਖ ਦੀ ਘੜੀ ਵਿਚ ਈਰਾਨ ਦੀ ਜਨਤਾ ਨਾਲ ਖੜ੍ਹਾ ਹੈ। ਦੱਸ ਦੇਈਏ ਕਿ ਰਾਸ਼ਟਰਪਤੀ ਇਬਰਾਹਿਮ ਰਈਸੀ ਦੀ ਹੈਲੀਕਾਪਟਰ ਹਾਦਸੇ ‘ਚ ਮੌਤ ਹੋ ਗਈ ਹੈ। ਉਨ੍ਹਾਂ ਨੂੰ ਲੈ ਕੇ ਜਾ ਰਿਹਾ ਹੈਲੀਕਾਪਟਰ ਐਤਵਾਰ ਨੂੰ ਹਾਦਸਾਗ੍ਰਸਤ ਹੋਇਆ ਸੀ ਪਰ ਰਾਸ਼ਟਰਪਤੀ ਦੀ ਮੌਤ ਦੀ ਪੁਸ਼ਟੀ ਸੋਮਵਾਰ ਨੂੰ ਹੈਲੀਕਾਪਟਰ ਦਾ ਮਲਬਾ ਮਿਲਣ ਮਗਰੋਂ ਹੋਈ। ਇਸ ਹਾਦਸੇ ਵਿਚ ਈਰਾਨ ਦੇ ਵਿਦੇਸ਼ ਮੰਤਰੀ ਹੁਸੈਨ-ਅਮੀਰ-ਅਬਦੁਲਾਹੀਅਨ ਸਮੇਤ ਹੈਲੀਕਾਪਟਰ ‘ਚ ਸਵਾਰ ਹੋਰ ਲੋਕਾਂ ਦੀ ਵੀ ਮੌਤ ਹੋ ਗਈ।

ਦੇਸ਼ ਦੇ ਸਰਕਾਰੀ ਮੀਡੀਆ ਨੇ ਇਹ ਜਾਣਕਾਰੀ ਦਿੱਤੀ। ਜੈਸ਼ੰਕਰ ਨੇ ਸੋਸ਼ਲ ਮੀਡੀਆ ਮੰਚ ‘ਐਕਸ’ ‘ਤੇ ਲਿਖਿਆ ਕਿ ਹੈਲੀਕਾਪਟਰ ਹਾਦਸੇ ਵਿਚ ਈਰਾਨ ਦੇ ਰਾਸ਼ਟਰਪਤੀ ਡਾ. ਇਬਰਾਹਿਮ ਰਈਸੀ ਅਤੇ ਵਿਦੇਸ਼ ਮੰਤਰੀ ਹੁਸੈਨ-ਅਮੀਰ-ਅਬਦੁਲਾਹੀਅਨ ਦੇ ਦਿਹਾਂਤ ਦੀ ਖ਼ਬਰ ਸੁਣ ਕੇ ਬਹੁਤ ਦੁਖੀ ਹਾਂ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਨਾਲ ਮੇਰੀਆਂ ਕਈ ਮੁਲਾਕਾਤਾਂ ਯਾਦ ਆ ਰਹੀਆਂ ਹਨ। ਆਖ਼ਰੀ ਵਾਰ ਉਨ੍ਹਾਂ ਨਾਲ ਜਨਵਰੀ 2024 ਵਿਚ ਹੀ ਮਿਲਿਆ ਸੀ। ਉਨ੍ਹਾਂ ਦੇ ਪਰਿਵਾਰਾਂ ਪ੍ਰਤੀ ਸਾਡੀ ਹਮਦਰਦੀ। ਅਸੀਂ ਇਸ ਦੁੱਖ ਦੀ ਘੜੀ ਵਿਚ ਈਰਾਨ ਦੀ ਜਨਤਾ ਨਾਲ ਖੜ੍ਹੇ ਹਾਂ।

# ਹੈਲੀਕਾਪਟਰ ਕਰੈਸ਼ ਹੋਣ ਤੋਂ ਪਹਿਲਾਂ ਈਰਾਨੀ ਰਾਸ਼ਟਰਪਤੀ ਦਾ ਆਖਰੀ ਵੀਡੀਓ ਆਇਆ ਸਾਹਮਣੇ



ਨਵੀਂ ਦਿੱਲੀ - ਈਰਾਨ ਦੇ ਰਾਜ ਮੀਡੀਆ ਨੇ ਐਤਵਾਰ ਨੂੰ ਹੈਲੀਕਾਪਟਰ ਵਿੱਚ ਸਵਾਰ ਆਪਣੇ ਨੇਤਾ ਦੇ ਵੀਡੀਓ ਸਾਂਝੇ ਕੀਤੇ ਹਨ। ਜ਼ਿਕਰਯੋਗ ਹੈ ਕਿ ਈਰਾਨ ਨੇ ਰਾਸ਼ਟਰਪਤੀ ਇਬਰਾਹਿਮ ਰਾਇਸੀ ਦੀ ਇੱਕ ਹੈਲੀਕਾਪਟਰ ਦੁਰਘਟਨਾ ਵਿੱਚ ਮੌਤ ਤੋਂ ਕੁਝ ਘੰਟੇ ਪਹਿਲਾਂ ਦਾ ਵੀਡੀਓ ਜਾਰੀ ਕੀਤਾ ਹੈ, ਜਿਸ ਵਿੱਚ ਉਸਦੇ ਵਿਦੇਸ਼ ਮੰਤਰੀ ਅਤੇ ਅੱਠ ਹੋਰ ਸੀਨੀਅਰ ਅਧਿਕਾਰੀਆਂ ਦੀ ਵੀ ਮੌਤ ਹੋ ਗਈ ਸੀ। ਵੀਡੀਓ ਵਿਚ ਦਿਖਾਇਆ ਗਿਆ ਹੈ ਕਿ ਈਰਾਨੀ ਨੇਤਾ ਜਹਾਜ਼ ਦੀ ਖਿੜਕੀ ਤੋਂ ਬਾਹਰ ਦੇਖ ਰਿਹਾ ਹੈ ਜਦੋਂ ਕੈਮਰਾ ਘੁੰਮਦਾ ਹੈ ਤਾਂ ਵਿਦੇਸ਼ ਮੰਤਰੀ ਹੁਸੈਨ ਅਮੀਰ-ਅਬਦੁੱਲਾਯਾਨ ਸਮੇਤ ਕਈ ਸੀਨੀਅਰ ਅਧਿਕਾਰੀ ਉਨ੍ਹਾਂ ਦੇ ਸਾਹਮਣੇ ਬੈਠੇ ਹੋਏ ਦਿਖਾਈ ਦਿੰਦੇ ਹਨ।

ਈਰਾਨ ਦੁਆਰਾ ਸ਼ੇਅਰ ਕੀਤੀ ਗਈ ਇੱਕ ਕਲਿੱਪ ਵਿੱਚ, ਰਾਸ਼ਟਰਪਤੀ ਨੂੰ ਹੈਲੀਕਾਪਟਰ ਵਿੱਚ ਸਵਾਰ ਹੋਣ ਤੋਂ ਪਹਿਲਾਂ ਅਧਿਕਾਰੀਆਂ ਨਾਲ ਮੁਲਾਕਾਤ ਕਰਦੇ ਦੇਖਿਆ ਜਾ ਸਕਦਾ ਹੈ। ਉਡਾਣ ਭਰਨ ਤੋਂ ਕਰੀਬ 30 ਮਿੰਟ ਬਾਅਦ ਜਹਾਜ਼ ਨਾਲ ਸੰਪਰਕ ਟੁੱਟ ਗਿਆ। ਲਗਭਗ 16 ਘੰਟਿਆਂ ਬਾਅਦ, ਹੈਲੀਕਾਪਟਰ ਦਾ ਮਲਬਾ ਪਹਾੜੀ ਚੋਟੀ ‘ਤੇ ਮਿਲਿਆ। ਸਰਕਾਰੀ ਟੈਲੀਵਿਜ਼ਨ ਨੇ ਕਿਹਾ, “ਈਰਾਨੀ ਰਾਸ਼ਟਰ ਦੇ ਸੇਵਾਦਾਰ, ਅਯਾਤੁੱਲਾ ਇਬਰਾਹਿਮ ਰਾਇਸੀ ਨੇ ਲੋਕਾਂ ਦੀ ਸੇਵਾ ਕਰਦੇ ਹੋਏ ਸ਼ਹਾਦਤ ਦਾ ਉੱਚ ਪੱਧਰ ਪ੍ਰਾਪਤ ਕੀਤਾ ਹੈ“। ਈਰਾਨੀ ਮੀਡੀਆ ਨੇ ਸ਼ੁਰੂ ਵਿੱਚ ਸਥਿਤੀ ਨੂੰ “ਹਾਦਸਾ“ ਦੱਸਿਆ ਸੀ। ਈਰਾਨ ਦੇ ਕਾਰਜਕਾਰੀ ਮਾਮਲਿਆਂ ਦੇ ਉਪ ਪ੍ਰਧਾਨ, ਮੋਹਸੇਨ ਮਨਸੂਰੀ ਨੇ ਕਿਹਾ ਕਿ ਦੋਵਾਂ ਅਧਿਕਾਰੀਆਂ ਨੇ ਬਚਾਅ ਟੀਮਾਂ ਨਾਲ ਸੰਪਰਕ ਸਥਾਪਿਤ ਕੀਤਾ ਹੈ, ਜਿਸ ਤੋਂ ਇਹ ਸੰਕੇਤ ਮਿਲਦਾ ਹੈ ਕਿ ਇਹ ਹਾਦਸਾ ਵਿਨਾਸ਼ਕਾਰੀ ਨਹੀਂ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਈਰਾਨ ਦੇ ਰਾਸ਼ਟਰਪਤੀ ਦੀ ਮੌਤ ‘ਤੇ ਦੁੱਖ ਪ੍ਰਗਟ ਕੀਤਾ ਅਤੇ ਕਿਹਾ ਕਿ ਭਾਰਤ ਇਸ ‘ਦੁਖ ਦੀ ਘੜੀ’ ‘ਚ ਈਰਾਨ ਦੇ ਨਾਲ ਖੜ੍ਹਾ ਹੈ। ਉਨ੍ਹਾਂ ਨੇ ਐਕਸ ‘ਤੇ ਇੱਕ ਪੋਸਟ ਵਿੱਚ ਕਿਹਾ “ਇਸਲਾਮਿਕ ਰੀਪਬਲਿਕ ਆਫ਼ ਈਰਾਨ ਦੇ ਰਾਸ਼ਟਰਪਤੀ ਡਾ. ਸਈਦ ਇਬਰਾਹਿਮ ਰਾਇਸੀ ਦੇ ਦੁਖਦਾਈ ਦਿਹਾਂਤ ਤੋਂ ਬਹੁਤ ਦੁਖੀ ਅਤੇ ਸਦਮੇ ਵਿੱਚ ਹਾਂ“ । ਭਾਰਤ-ਇਰਾਨ ਦੁਵੱਲੇ ਸਬੰਧਾਂ ਨੂੰ ਮਜ਼ਬੂਤ ? ?ਕਰਨ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਦੇ ਪਰਿਵਾਰ ਅਤੇ ਈਰਾਨ ਦੇ ਲੋਕਾਂ ਪ੍ਰਤੀ ਮੇਰੀ ਦਿਲੀ ਹਮਦਰਦੀ ਹੈ। ਇਸ ਦੁੱਖ ਦੀ ਘੜੀ ਵਿੱਚ ਭਾਰਤ ਈਰਾਨ ਦੇ ਨਾਲ ਖੜ੍ਹਾ ਹੈ।“ ਜਦੋਂ ਈਰਾਨੀ ਨੇਤਾ ਦਾ ਹੈਲੀਕਾਪਟਰ ਲਾਪਤਾ ਹੋ ਗਿਆ ਸੀ, ਤਾਂ ਪ੍ਰਧਾਨ ਮੰਤਰੀ ਮੋਦੀ ਨੇ “ਡੂੰਘੀ ਚਿੰਤਾ“ ਜ਼ਾਹਰ ਕੀਤੀ ਸੀ ਅਤੇ ਕਿਹਾ ਸੀ ਕਿ ਉਹ ਰਾਸ਼ਟਰਪਤੀ ਅਤੇ ਉਨ੍ਹਾਂ ਦੇ ਸਹਿਯੋਗੀਆਂ ਦੀ ਸੁਰੱਖਿਆ ਲਈ ਪ੍ਰਾਰਥਨਾ ਕਰ ਰਹੇ ਹਨ।

# ਈਡੀ ਤੇ ਸੀਬੀਆਈ ਦੇ ਕੰਮ ‘ਚ ਕੋਈ ਦਖਲ ਨਹੀਂ: ਮੋਦੀ



ਭੁਬਨੇਸ਼ਵਰ, - ਭ੍ਰਿਸ਼ਟਾਚਾਰ ਖ਼ਿਲਾਫ਼ ਜੰਗ ਨੂੰ ਗੰਭੀਰ ਕਰਾਰ ਦਿੰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਈਡੀ ਅਤੇ ਸੀਬੀਆਈ ਵਰਗੀਆਂ ਏਜੰਸੀਆਂ ਬਿਨਾਂ ਕਿਸੇ ਦਖ਼ਲ ਦੇ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਐੱਨਫੋਰਸਮੈਂਟ ਡਾਇਰੈਕਟੋਰੇਟ ਅਤੇ ਸੈਂਟਰਲ ਬਿਊਰੋ ਆਫ਼ ਇਨਵੈਸਟੀਗੇਸ਼ਨ ਆਜ਼ਾਦਾਨਾ ਢੰਗ ਨਾਲ ਕੰਮ ਕਰਦੀਆਂ ਹਨ। ਖ਼ਬਰ ਏਜੰਸੀ ਨੂੰ ਦਿੱਤੇ ਇੰਟਰਵਿਊ ਦੌਰਾਨ ਪ੍ਰਧਾਨ ਮੰਤਰੀ ਨੇ ‘ਅਡਾਨੀ-ਅੰਬਾਨੀ’ ਬਾਰੇ ਦਿੱਤੇ ਬਿਆਨ ‘ਤੇ ਵੀ ਸਫ਼ਾਈ ਦਿੱਤੀ ਅਤੇ ਕਿਹਾ ਕਿ ਕਾਂਗਰਸ ਦੇ ਸੀਨੀਅਰ ਆਗੂ ਅਧੀਰ ਰੰਜਨ ਚੌਧਰੀ ਨੇ ਕਬੂਲ ਕੀਤਾ ਹੈ ਕਿ ਜੇਕਰ ਅਡਾਨੀ-ਅੰਬਾਨੀ ਟੈਂਪੂ ਭਰ ਕੇ ਪੈਸਾ ਭੇਜਣਗੇ ਤਾਂ ਉਹ ਉਨ੍ਹਾਂ ਖ਼ਿਲਾਫ਼ ਨਹੀਂ ਬੋਲਣਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਜੇਕਰ ਉਨ੍ਹਾਂ ਦੀ ਸਰਕਾਰ ਮੁੜ ਸੱਤਾ ‘ਚ ਆਈ ਤਾਂ ਇਕ ਦੇਸ਼, ਇਕ ਚੋਣ ਅਤੇ ਸਾਂਝਾ ਸਿਵਲ ਕੋਡ (ਯੂਸੀਸੀ) ਲਾਗੂ ਜਾਣਗੇ।

# ਕਿਸਾਨ ਜਥੇਬੰਦੀਆਂ ਨੇ ਸ਼ੰਭੂ ਸਟੇਸ਼ਨ ‘ਤੇ ਰੇਲ ਰੋਕੋ ਅੰਦੋਲਨ ਸਮਾਪਤ ਕੀਤਾ

ਪਟਿਆਲਾ, - ਹਰਿਆਣਾ ਪੁਲੀਸ ਵੱਲੋਂ ਗ੍ਰਿਫਤਾਰ ਕੀਤੇ ਤਿੰਨ ਕਿਸਾਨ ਆਗੂਆਂ ਦੀ ਰਿਹਾਈ ਲਈ ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਅਤੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਸ਼ੰਭੂ ਰੇਲਵੇ ਸਟੇਸ਼ਨ ‘ਤੇ ਟਰੈਕ ‘ਤੇ ਲਾਇਆ ਪੱਕਾ ਧਰਨਾ ਅੱਜ ਸਵਾ ਮਹੀਨੇ ਬਾਅਦ ਸਮਾਪਤ ਕਰ ਦਿੱਤਾ ਗਿਆ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਇਹ ਪੰਜਾਬ ਦੇ ਹਰਿਆਣਾ ਦੇ ਵਪਾਰੀਆਂ ਅਤੇ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਦਿਆਂ ਚੁੱਕਿਆ ਗਿਆ ਹੈ। ਦੂਜੇ ਪਾਸੇ ਸ਼ੰਭੂ ਬਾਰਡਰ ‘ਤੇ 98 ਦਿਨਾਂ ਤੋਂ ਜਾਰੀ ਧਰਨਾ ਮੰਗਾਂ ਦੀ ਪੂਰਤੀ ਤੱਕ ਜਾਰੀ ਰਹੇਗਾ। ਕਿਸਾਨ ਨੇਤਾ ਮਨਜੀਤ ਸਿੰਘ ਘੁਮਾਣਾ ਨੇ ਕਿਹਾ ਕਿ ਧਰਨੇ ਨੂੰ ਸੌ ਦਿਨ ਪੂਰੇ ਹੋਣ ‘ਤੇ 22 ਮਈ ਨੂੰ ਇਕੱਠ ਕੀਤਾ ਜਾ ਰਿਹਾ।



# ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਵੱਲੋਂ ਲੋਕ ਸਭਾ ਚੋਣਾਂ ਨੂੰ ਲੈ ਕੇ ਅਹਿਮ ਮੀਟਿੰਗ ਹੋਈ




ਕਾਠਗੜ੍ਹ ਲੋਕ ਬਾਣੀ (ਜਤਿੰਦਰ ਪਾਲ ਸਿੰਘ ਕਲੇਰ ) ਅੱਜ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਵੱਲੋਂ ਕਾਠਗੜ੍ਹ ਵਿਖੇ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ ਜਿਸ ਵਿੱਚ ਅਵਤਾਰ ਸਿੰਘ ਤਾਰੀ ਕਾਠਗੜ੍ਹ ਸੂਬਾ ਆਗੂ ਗੁਰਦਿਆਲ ਸਿੰਘ ਰੱਕੜ ਜ਼ਿਲ੍ਹਾ ਪ੍ਰਧਾਨ ਇਫਟੂ ਨਿਰਮਲ ਸਿੰਘ ਜੰਡੀ ਵਿਸ਼ੇਸ਼ ਤੌਰ ਤੇ ਪਹੁੰਚੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਚੋਣਾ ਵਿੱਚ ਪੰਜਾਬ ਭਰ ਦੇ ਮਜ਼ਦੂਰਾ ਕਿਸਾਨਾਂ ਵੱਲੋਂ ਭਾਜਪਾ ਦਾ ਵਿਰੋਧ ਕੀਤਾ ਜਾਵੇਗਾ ਭਾਜਪਾ ਨੇ ਮਜ਼ਦੂਰ ਜਮਾਤ ਦੇ ਕਿਰਤ ਕਾਨੂੰਨਾਂ ਨੂੰ ਬਦਲ ਕੇ ਉਨ੍ਹਾਂ ਨਾਲ ਧੱਕਾ ਕੀਤਾ ਹੈ ਦਿੱਲੀ ਨੂੰ ਜਾਂਦੇ ਮਜ਼ਦੂਰ ਕਿਸਾਨਾਂ ਤੇ ਗੋਲੀਆਂ ਚਲਾ ਕੇ ਆਪਣੇ ਚਿਹਰੇ ਨੂੰ ਨੰਗਾ ਕੀਤਾ ਹੈ। ਇਸ ਦਾ ਬਦਲਾ ਵੋਟ ਨਾ ਪਾ ਕੇ ਲੈਣਗੇ। ਉਨ੍ਹਾਂ ਕਿਹਾ ਕਿ ਭਾਜਪਾ ਦੇਸ਼ ਵਿੱਚ ਨਫ਼ਰਤ ਦੀ ਰਾਜਨੀਤੀ ਕਰ ਰਹੀ ਹੈ। ਕਾਰਪੋਰੇਟ ਘਰਾਣਿਆਂ ਨੂੰ ਮੋਟੇ ਮੁਨਾਫ਼ੇ ਦਿੱਤੇ ਗਏ ਹਨ। ਈਡੀ ਦੀ ਦੁਰਵਰਤੋਂ ਕਰ ਕੇ ਵਿਰੋਧੀਆਂ ਨੂੰ ਦਬਾਇਆ ਜਾ ਰਿਹਾ ਹੈ। ਵਿਕਾਸ ਦੇ ਨਾਂਅ ਹੇਠ ਜਨਤਕ ਥਾਵਾਂ ਵੇਚੀਆਂ ਜਾ ਰਹੀਆਂ ਹਨ।ਉਨ੍ਹਾਂ ਨੇ ਮੰਗ ਕੀਤੀ ਕਿ ਮਜ਼ਦੂਰਾਂ ਦੇ 8 ਘੰਟੇ ਦੀ ਦਿਹਾੜੀ 12 ਘੰਟੇ ਕਰ ਕੇ ਸਰਕਾਰ ਮਜ਼ਦੂਰ ਵਿਰੋਧੀ ਸਾਬਤ ਹੋ ਰਹੀ ਹੈ ਉਨ੍ਹਾਂ ਕਿਹਾ ਕਿ 26 ਮਈ ਨੂੰ ਬਲਾਚੌਰ ਤੋਂ ਨਵਾਂਸ਼ਹਿਰ ਤੇ ਰਾਹੋਂ ਤੱਕ ਮੋਟਰਸਾਈਕਲ ਮਾਰਚ ਕੱਢਿਆ ਜਾਵੇਗਾ ਅਤੇ ਜਿਸ ਵਿਚ ਭਾਜਪਾ ਨੂੰ ਹਰਾਉ ਦੇ ਨਾਹਰੇ ਲਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਮਦਨ ਲਾਲ ਨੱਥਾ ਨੰਗਲ ਹਰਦੀਪ ਸਿੰਘ, ਕਾਲ਼ੀ, ਪਰਮਾਰ ਜਮੀਤਗੜ੍ਹ , ਜਸਪਾਲ ਸਿੰਘ ਬਾਗੋਵਾਲ, ਪੰਮੀ ਮੋਹਰਾਂ, ਆਦਿ ਹਾਜ਼ਰ ਸਨ

# ਮਹੇ ਗੋਤ ਜਠੇਰਿਆਂ ਦਾ ਮੇਲਾ 28 ਨੂੰ



ਨਵਾਂਸ਼ਹਿਰ, ਲੋਕ ਬਾਣੀ (ਜਤਿੰਦਰ ਪਾਲ ਸਿੰਘ ਕਲੇਰ )-ਮਹੇ ਗੋਤ ਵੈੱਲਫ਼ੇਅਰ ਕਮੇਟੀ ਰਜਿ: ਪਿੰਡ ਹਿਆਤਪੁਰ ਜੱਟਾਂ (ਸ਼ਹੀਦ ਭਗਤ ਸਿੰਘ ਨਗਰ) ਦੀ ਮੀਟਿੰਗ ਕਮੇਟੀ ਦੇ ਪ੍ਰਧਾਨ ਦਵਿੰਦਰ ਕੁਮਾਰ ਮਹੇ ਦੀ ਪ੍ਰਧਾਨਗੀ ਹੇਠ ਹੋਈ। ਅੱਜ ਦੀ ਮੀਟਿੰਗ ਸਬੰਧੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਕਮੇਟੀ ਦੇ ਸੀਨੀਅਰ ਆਗੂ ਮਾਸਟਰ ਤੇਲੂ ਰਾਮ ਨੇ ਦੱਸਿਆ ਕਿ ਮਹੇ ਗੋਤ ਦਾ ਪਿੰਡ ਹਿਆਤਪੁਰ ਜੱਟਾਂ ਵਿਖੇ ਕਰਵਾਇਆ ਜਾਂਦਾ ਸਾਲਾਨਾ ਮੇਲਾ ਹਰ ਸਾਲ ਦੀ ਤਰਾਂ ਇਸ ਬਾਰ ਵੀ 28 ਮਈ ਦਿਨ ਮੰਗਲਵਾਰ ਨੂੰ ਸ਼ਰਧਾਪੂਰਵਕ ਕਰਵਾਇਆ ਜਾ ਰਿਹਾ ਹੈ । ਉਨ੍ਹਾਂ ਦੱਸਿਆ ਕਿ ਸਵੇਰ ਸਮੇਂ ਜ਼ਰੂਰੀ ਰਸਮਾਂ ਨਿਭਾਉਂਣ ਉਪਰੰਤ ਧਾਰਮਿਕ ਸਟੇਜ ਦਾ ਆਗਾਜ਼ ਕੀਤਾ ਜਾਵੇਗਾ ਜਿਸ ਵਿਚ ਪੰਜਾਬ ਦੇ ਪ੍ਰਸਿੱਧ ਕਲਾਕਾਰ ਜੀਤਾ ਪਵਾਰ ਲੁਧਿਆਣਾ, ਸੁਨੀਤਾ ਖੰਨੇ ਵਾਲੀ, ਸਿਮਰਨ ਸਿੰਮੀ ਲੁਧਿਆਣਾ, ਨਿਰਮਲ ਨਿੰਮਾ ਅਤੇ ਜੋਨੀ ਮਹੇ ਆਪਣੀ ਕਲਾ ਦੇ ਜੌਹਰ ਵਿਖਾਉਂਣਗੇ ।ਉਨ੍ਹਾਂ ਦੱਸਿਆ ਕਿ ਕਮੇਟੀ ਵਲੋਂ ਸਰਬਸੰਮਤੀ ਨਾਲ ਸਖ਼ਤ ਫੈਸਲਾ ਲਿਆ ਗਿਆ ਹੈ ਕਿ ਉਪਰੋਕਤ ਕਲਾਕਾਰਾਂ ਤੋਂ ਬਗੈਰ ਬਿਨਾਂ ਸੱਦੇ ਹੋਰ ਕਿਸੇ ਵੀ ਕਲਾਕਾਰ ਨੂੰ ਸਮਾਂ ਨਹੀਂ ਦਿੱਤਾ ਜਾਵੇ ਅਤੇ ਕੋਈ ਵੀ ਅਜਿਹਾ ਗਾਇਕ ਅਜਿਹੀ ਖੇਚਲ ਨਾ ਕਰੇ ਤੇ ਉਹ ਘਰੇ ਰਹਿਕੇ ਆਪਣਾ ਸਵੈਮਾਣ ਬਰਕਰਾਰ ਰੱਖੇ ।ਇਸ ਮੌਕੇ ਤੇ ਉਨ੍ਹਾਂ ਨਾਲ ਮਹੇ ਪਰਿਵਾਰ ਦੇ ਆਗੂ ਸਰਵ ਸ੍ਰੀ ਦਵਿੰਦਰ ਕੁਮਾਰ, ਗੁਰਬਖਸ਼ ਸਿੰਘ ਮਹੇ, ਰਜਿੰਦਰ ਰਾਣਾ, ਗੁਰਮੇਲ ਸਿੰਘ ਭੂਤਾਂ, ਸੀਤਲ ਦਾਸ ਮਹੇ, ਦੇਵ ਰਾਜ ਲੁਧਿਆਣਾ, ਜਸਪਾਲ ਸਿੰਘ ਮੰਡੀ ਗੋਬਿੰਦਗੜ੍ਹ ਸਮੇਤ ਕੁਝ ਹੋਰ ਆਗੂ ਵੀ ਹਾਜ਼ਰ ਸਨ.

# ਸਾਬਕਾ ਐਮ.ਐਲ.ਏ ਸ਼੍ਰੀ ਸ਼ਿੰਗਾਰਾ ਰਾਮ ਸਹੂੰਗੜਾ ਦੀ ਯਾਦ ਵਿੱਚ ਨਾਟਕ ਸਮਾਰੋਹ ਕਰਵਾਇਆ

ਨਵਾਂਸ਼ਹਿਰ ਲੋਕ ਬਾਣੀ (ਜਤਿੰਦਰ ਪਾਲ ਸਿੰਘ ਕਲੇਰ )- ਪਿੰਡ ਸਹੂੰਗੜਾ ਤਹਿ.ਬਲਾਚੌਰ.ਜਿਲਾ.ਸ਼ਹੀਦ ਭਗਤ ਸਿੰਘ ਨਗਰ ਵਿਖੇ ਸਹੂੰਗੜਾ ਵੈਲਫੇਅਰ ਸੁਸਾਇਟੀ ਤੇ ਐਨ.ਆਰ.ਆਈ ਵੀਰਾਂ ਵਲੋ ਸ਼੍ਰੀ ਸ਼ਿੰਗਾਰਾ ਰਾਮ ਸਹੂੰਗੜਾ ਦੀ ਯਾਦ ਵਿਚ ਡਾ ਬੀ.ਆਰ ਅੰਬੇਡਕਰ ਜੀ ਨੂੰ ਸਮਰਪਿਤ ਨਾਟਕ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਆਜਾਦ ਕਲਾ ਮੰਚ ਫਗਵਾੜਾ ਵਲੋ ਡਾ.ਬੀ.ਆਰ ਅੰਬੇਡਕਰ ਜੀ ਦੇ ਜੀਵਨ ਤੇ ਸੰਘਰਸ਼ ਨੂੰ ਸਟੇਜ ਨਾਟਕ ਰਾਹੀਂ ਪੇਸ਼ ਕੀਤਾ ਗਿਆ। ਸਹੂੰਗੜਾ ਵੈਲਫੇਅਰ ਸੁਸਾਇਟੀ ਦੇ ਸਰਪ੍ਰਸਤ ਮੈਂਬਰ ਮਾਸਟਰ ਜੁਝਾਰ ਸਿੰਘ ਜੀ ਨੇ ਦੱਸਿਆ ਕਿ ਮੁੱਖ ਬੁਲਾਰੇ ਵਜੋਂ ਐਡਵੋਕੇਟ ਨਵਰਾਜ ਸਿੰਘ ਤੇ ਧਰਮਿੰਦਰ ਸਿੰਘ ਭੁਲਾਰਾਈ ਨੇ ਹਾਜਰੀ ਭਰੀ ਤੇ ਜਿਨਾ ਵਲੋ ਸਹੂੰਗੜਾ ਸਾਬ ਦੇ ਰਾਜਨੀਤਕ ਜੀਵਨ ਤੇ ਬਹੁਜਨ ਸਮਾਜ ਲਈ ਕੀਤੇ ਸੰਘਰਸ਼ਸ਼ੀਲ ਉਪਰਾਲੇਆ ਤੇ ਚਾਨਣਾ ਪਾਇਆ। ਇਸ ਮੌਕੇ ਤੇ ਸਹੂੰਗੜਾ ਵੈਲਫੇਅਰ ਸੋਸਾਇਟੀ ਵਲੋਂ ਪਿੰਡ ਦੇ ਹੋਣਹਾਰ ਵਿਦਿਆਰਥੀ ਜਿਨ੍ਹਾਂ ਨੇ ਪਿਛਲੀ ਜਮਾਤ ਪਾਸ ਕਰਦਿਆਂ ਕੋਈ ਸਥਾਨ ਹਾਸਿਲ ਕੀਤਾ, ਨੂੰ ਸਨਮਾਨਿਤ ਕੀਤਾ ਗਿਆ। ਇਸ ਮੋਕੇ ਤੇ ਨੈਸ਼ਨਲ ਐਵਾਰਡੀ ਸਰਪੰਚ ਰਾਜਬਲਵਿੰਦਰ ਸਿੰਘ ਤੇ ਪੂਰੀ ਗ੍ਰਾਮ ਪੰਚਾਇਤ ਪ੍ਰੋਗਰਾਮ ਵਿਚ ਮੌਜੂਦ ਸੀ ਜਿਨ੍ਹਾਂ ਨੇ ਸਹੂੰਗੜਾ ਸਾਬ ਨੂੰ ਇਸ ਪਿੰਡ ਦਾ ਮਾਣ ਦੱਸਿਆ। ਪ੍ਰੋਗਰਾਮ ਵਿੱਚ ਸੋਸਾਇਟੀ ਦੇ ਮੈਂਬਰ ਸਰਦਾਰ ਨਿਰਮਲ ਸਿੰਘ, ਸਰਦਾਰ ਜਗਦੀਸ਼ ਸਿੰਘ, ਸੂਬੇਦਾਰ ਹਰਭਜਨ ਸਿੰਘ, ਸੂਬੇਦਾਰ ਗੁਲਜ਼ਾਰ ਸਿੰਘ, ਐਡਵੋਕੇਟ ਨਵਦੀਪ ਕੌਰ,ਕੁੰਵਰ ਜਗਵੀਰ ਸਿੰਘ, ਮਾਸਟਰ ਨਰਿੰਦਰ ਕੁਮਾਰ ਬੇਗ਼ਮਪੁਰਾ, ਅਮਰਜੀਤ ਸਿੰਘ ਹਿਆਤਪੁਰ ਰੁੜਕੀ,ਲੇਖਕ ਸੰਜੀਵ ਕੁਮਾਰ ਸੀਬਾ, ਸੁਮਨ ਬਾਲਾ ਥਾਣਾ,ਮਾਸਟਰ ਕੁਲਵਿੰਦਰ ਸਿੰਘ,ਰਾਜਵੀਰ ਸਿੰਘ,ਰਣਜੀਤ ਸਿੰਘ,ਮਨਪ੍ਰੀਤ ਸਿੰਘ, ਰੂਪ ਚੰਦ ਚੋਪੜਾ,ਬਲਵੀਰ ਚੰਦ, ਸੁਰਿੰਦਰ ਪਾਲ ਸਿੰਘ,ਜਸਵੀਰ ਕੌਰ,ਮਨਜੀਤ ਕੌਰ, ਬਲਵੀਰ ਸਿੰਘ ਸੋਹਲ,ਸੋਹਣ ਸਿੰਘ,ਬਲਵਿੰਦਰ ਬਿੰਦਾ,ਰੇਸ਼ਮ ਸਿੰਘ,ਅਮਨਦੀਪ ਸਿੰਘ ਸੋਨਾ, ਨਵਜੋਤ ਸਿੰਘ ਜੋਤਾਂ ਆਦਿ ਵੀ ਮੌਜੂਦ ਸਨ।











ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com